ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਐਤਵਾਰ, 18 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੫ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸੰਘਣੀ ਧੁੰਦ ਕਾਰਨ ਸੜਕ ਹਾਦਸੇ 'ਚ 5 ਲੋਕਾਂ ਦੀ ਦਰਦਨਾਕ ਮੌਤ

**ਬਠਿੰਡਾ, 17 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸੰਘਣੀ ਧੁੰਦ ਕਾਰਨ ਅੱਜ ਤੜਕਸਾਰ ਬਠਿੰਡਾ-ਬੀਕਾਨੇਰ ਰਾਸ਼ਟਰੀ ਰਾਜਮਾਰਗ 'ਤੇ ਇੱਕ ਭਿਆਨਕ ਸੜਕ ਹਾਦਸਾ ਵਾਪਰਿਆ। ਗੁਜਰਾਤ ਰਜਿਸਟ੍ਰੇਸ਼ਨ ਨੰਬਰ 100 ਵਾਲੀ ਇੱਕ ਫਾਰਚੂਨਰ ਕਾਰ ਡਿਵਾਈਡਰ ਨਾਲ ਟਕਰਾ ਗਈ। ਇਸ ਹਾਦਸੇ ਵਿੱਚ ਇੱਕ ਮਹਿਲਾ ਕਾਂਸਟੇਬਲ ਸਮੇਤ ਪੰਜ ਲੋਕਾਂ ਦੀ ਮੌਤ ਹੋ ਗਈ। ਇਹ ਹਾਦਸਾ ਬਠਿੰਡਾ ਦੇ ਪਥਰਾਲਾ ਪਿੰਡ ਨੇੜੇ ਵਾਪਰਿਆ। ਸੂਚਨਾ ਮਿਲਣ 'ਤੇ ਪੁਲਿਸ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤਾ। ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਬਠਿੰਡਾ ਦੇ ਏਮਜ਼ ਹਸਪਤਾਲ ਦੇ ਮੁਰਦਾਘਰ ਵਿੱਚ ਰੱਖ ਦਿੱਤਾ ਗਿਆ ਹੈ। ਮ੍ਰਿਤਕਾਂ ਵਿੱਚ ਚਾਰ ਨੌਜਵਾਨ ਅਤੇ ਇੱਕ ਨੌਜਵਾਨ ਔਰਤ ਸ਼ਾਮਲ ਹੈ, ਸਾਰੇ 25 ਤੋਂ 30 ਸਾਲ ਦੇ ਵਿਚਕਾਰ। ਉਨ੍ਹਾਂ ਦੀ ਪਛਾਣ ਅਰਜੁਨ, ਸਤੀਸ਼, ਜਨਕ, ਭਰਤ ਅਤੇ ਅਮਿਤਾ ਬਾਨ ਵਜੋਂ ਹੋਈ ਹੈ। ਇਹ ਸਾਰੇ ਗੁਜਰਾਤ ਦੇ ਬਨਾਸਕਾਂਠਾ ਦੇ ਰਹਿਣ ਵਾਲੇ ਸਨ। ਉਨ੍ਹਾਂ ਦੀਆਂ ਜੇਬਾਂ ਵਿੱਚੋਂ ਮਿਲੇ ਆਧਾਰ ਕਾਰਡ ਅਤੇ ਹੋਰ ਪਛਾਣ ਪੱਤਰਾਂ ਨੇ ਮ੍ਰਿਤਕ ਦੀ ਪਛਾਣ ਕਰਨ ਵਿੱਚ ਮਦਦ ਕੀਤੀ। ਮ੍ਰਿਤਕ ਅਮਿਤਾ ਬਾਨ ਗੁਜਰਾਤ ਪੁਲਿਸ ਵਿੱਚ ਕਾਂਸਟੇਬਲ ਸੀ। ਪੰਜਾਬ ਦੇ ਸੀਐੱਮ ਭਗਵੰਤ ਮਾਨ ਨੇ ਐਕਸ 'ਤੇ ਕਿਹਾ ਕਿ ਅੱਜ ਸਵੇਰੇ ਸੰਘਣੀ ਧੁੰਦ ਕਾਰਨ ਬਠਿੰਡਾ ਦੇ ਪਿੰਡ ਗੁਰਥੜੀ ਨੇੜੇ ਵੱਡਾ ਸੜਕ ਹਾਦਸਾ ਹੋਇਆ ਹੈ। ਜਿੱਥੇ ਫਾਰਚੂਨਰ ਗੱਡੀ ਦੇ ਡਿਵਾਈਡਰ ਨਾਲ ਟਕਰਾਉਣ ਕਾਰਨ ਗੁਜਰਾਤ ਦੀ ਮਹਿਲਾ ਪੁਲਿਸ ਮੁਲਾਜ਼ਮ ਸਮੇਤ 5 ਲੋਕਾਂ ਦੀ ਮੌਤ ਦੀ ਖ਼ਬਰ ਹੈ। SSF ਦੀ ਟੀਮ ਮੌਕੇ 'ਤੇ ਪਹੁੰਚੀ।

## ਸਰਹੱਦੀ ਤਾਰਬੰਦੀ ਦੀ ਘਟੇਗੀ ਹੱਦ !

# ਮੁੱਖ ਮੰਤਰੀ ਮਾਨ ਨੇ ਗ੍ਰਹਿ ਮੰਤਰੀ ਸ਼ਾਹ ਕੋਲ 'ਸੀਡ ਐਕਟ' ਸਮੇਤ ਚੁੱਕੇ ਪੰਜਾਬ ਦੇ ਅਹਿਮ ਮਸਲੇ

**ਨਵੀਂ ਦਿੱਲੀ, 17 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਰਹੱਦੀ ਕਿਸਾਨਾਂ ਲਈ ਵੱਡੀ ਖ਼ਬਰ ਹੈ। ਕੇਂਦਰ ਸਰਕਾਰ ਜਲਦ ਹੀ ਸਰਹੱਦੀ ਖੇਤਰ 'ਤੇ ਤਾਰੋਂ ਪਾਰ ਖੇਤੀ ਦੀ ਜ਼ਮੀਨ ਦਾ ਦਾਇਰਾ ਘਟਾ ਸਕਦੀ ਹੈ, ਜਿਸ ਪਿੱਛੋਂ ਕਿਸਾਨ ਬੀਐਸਐਫ਼ ਦੀ ਨਿਗਰਾਨੀ ਤੋਂ ਬਿਨਾਂ ਵੀ ਖੇਤੀ ਕਰ ਸਕਣਗੇ। ਇਹ ਜਾਣਕਾਰੀ ਮੁੱਖ ਮੰਤਰੀ ਭਗਵੰਤ ਮਾਨ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਸ਼ਨੀਵਾਰ ਮੀਟਿੰਗ ਕਰਨ ਉਪਰੰਤ ਦਿੱਤੀ। ਮੀਟਿੰਗ ਤੋਂ ਬਾਅਦ ਮੀਡੀਆ ਨਾਲ ਗੱਲ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਖੇਤੀਬਾੜੀ, ਸੰਘੀ ਅਧਿਕਾਰਾਂ ਅਤੇ ਕਿਸਾਨਾਂ ਦੀ ਭਲਾਈ ਨਾਲ ਜੁੜੇ ਮਾਮਲਿਆਂ 'ਤੇ ਪੰਜਾਬ ਦਾ ਸਟੈਂਡ ਮਜ਼ਬੂਤੀ ਨਾਲ ਰੱਖਿਆ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਪ੍ਰਸਤਾਵਿਤ ਬੀਜ ਐਕਟ ਦਾ



ਪੰਜਾਬ ਦਾ ਵਿਰੋਧ ਸਪੱਸ਼ਟ ਤੌਰ 'ਤੇ ਦਰਜ ਕਰਵਾਇਆ। ਉਨ੍ਹਾਂ ਚੇਤਾਵਨੀ ਦਿੱਤੀ ਕਿ ਇਹ ਐਕਟ ਕਿਸਾਨਾਂ ਦੇ ਹਿੱਤਾਂ ਨੂੰ ਨੁਕਸਾਨ ਪਹੁੰਚਾ ਸਕਦਾ ਹੈ ਅਤੇ ਪੰਜਾਬ ਦੀ ਰਾਏ ਲਏ ਬਿਨਾਂ ਇਸਨੂੰ ਸੰਸਦ ਵਿੱਚ ਪਾਸ ਨਹੀਂ ਕੀਤਾ ਜਾਣਾ ਚਾਹੀਦਾ। ਮੁੱਖ ਮੰਤਰੀ ਮਾਨ ਨੇ ਚੰਡੀਗੜ੍ਹ ਸਥਿਤ ਭਾਰਤੀ ਖੁਰਾਕ ਨਿਗਮ ਵਿੱਚ ਰਾਜ ਤੋਂ ਬਾਹਰੋਂ ਜਨਰਲ ਮੈਨੇਜਰ ਦੀ ਨਿਯੁਕਤੀ 'ਤੇ ਵੀ ਸਖ਼ਤ ਇਤਰਾਜ਼ ਪ੍ਰਗਟ ਕੀਤਾ ਉਨ੍ਹਾਂ ਮੰਗ ਕੀਤੀ ਕਿ ਪੰਜਾਬ ਲਈ FCI ਮੁਖੀ ਪੰਜਾਬ ਕੇਡਰ ਤੋਂ ਹੋਣਾ ਚਾਹੀਦਾ ਹੈ ਤਾਂ ਜੋ ਸਥਾਨਕ ਖੇਤੀਬਾੜੀ ਅਭਿਆਸਾਂ, ਭਾਸ਼ਾ ਅਤੇ ਜ਼ਮੀਨੀ ਹਕੀਕਤਾਂ ਨੂੰ ਸਹੀ ਢੰਗ ਨਾਲ ਸਮਝਿਆ ਜਾ ਸਕੇ। ਉਨ੍ਹਾਂ ਅੱਗੇ ਜ਼ੋਰ ਦੇ ਕੇ ਕਿਹਾ ਕਿ ਕੇਂਦਰ ਨੂੰ ਸੂਬਿਆਂ ਦੇ ਅਧਿਕਾਰਾਂ ਵਿੱਚ ਦਖਲ ਦੇਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਅਤੇ ਖੇਤੀਬਾੜੀ ਨਾਲ ਸਬੰਧਤ ਫੈਸਲਿਆਂ 'ਤੇ ਪੰਜਾਬ ਨਾਲ ਸਲਾਹ-ਮਸ਼ਵਰਾ ਕਰਨਾ ਲਾਜ਼ਮੀ ਹੈ। ਪਾਣੀ ਦੇ ਮੁੱਦੇ 'ਤੇ ਮੁੱਖ ਮੰਤਰੀ ਨੇ ਦੁਹਰਾਇਆ ਕਿ ਪੰਜਾਬ ਕੋਲ ਵੰਡਣ ਲਈ ਕੋਈ ਵਾਧੂ ਪਾਣੀ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਗੱਲਬਾਤ ਜਾਂ ਕਿਸੇ ਢੁਕਵੇਂ ਢੰਗ ਨਾਲ ਹਮੇਸ਼ਾ ਲਈ ਹੱਲ ਕੀਤਾ ਜਾਣਾ ਚਾਹੀਦਾ ਹੈ, ਉਨ੍ਹਾਂ ਕਿਹਾ ਕਿ ਪੰਜਾਬ ਦਾ ਪੱਖ ਬਿਲਕੁਲ ਸਪੱਸ਼ਟ ਹੈ। ਮੁੱਖ ਮੰਤਰੀ ਨੇ ਪੰਜਾਬ ਦੇ ਲੰਬਿਤ ਪੇਂਡੂ ਵਿਕਾਸ ਫੰਡ ਵਿੱਚੋਂ ਲਗਭਗ 8,500 ਕਰੋੜ ਰੁਪਏ ਜਾਰੀ ਕਰਨ ਦੀ ਮੰਗ ਵੀ ਕੀਤੀ, ਇਹ ਕਹਿੰਦੇ ਹੋਏ ਕਿ ਇਹ ਰਕਮ ਮੰਡੀਆਂ ਵਿੱਚ ਸੜਕਾਂ ਬਣਾਉਣ ਲਈ ਬਹੁਤ ਜ਼ਰੂਰੀ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਸਬੰਧਤ ਅਧਿਕਾਰੀਆਂ ਨਾਲ ਜਲਦੀ ਹੀ ਮੀਟਿੰਗ ਕੀਤੀ ਜਾਵੇਗੀ ਅਤੇ ਪਹਿਲੀ ਕਿਸ਼ਤ ਜਾਰੀ ਕਰਨ 'ਤੇ ਵਿਚਾਰ ਕੀਤਾ ਜਾਵੇਗਾ।

## 8 ਸਾਲ ਪੁਰਾਣੇ ਮਾਮਲੇ 'ਚ ਸੁਖਬੀਰ ਸਿੰਘ ਬਾਦਲ ਨੂੰ ਮਿਲੀ ਜ਼ਮਾਨਤ

**ਚੰਡੀਗੜ੍ਹ, 17 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਅੱਠ ਸਾਲ ਪੁਰਾਣੇ ਮਾਣਹਾਨੀ ਦੇ ਮਾਮਲੇ ਵਿੱਚ ਸ਼ਨੀਵਾਰ ਨੂੰ ਚੰਡੀਗੜ੍ਹ ਜ਼ਿਲ੍ਹਾ ਅਦਾਲਤ ਵਿੱਚ ਪੇਸ਼ ਹੋਏ। ਉਨ੍ਹਾਂ ਨੇ ਅਦਾਲਤ ਵਿੱਚ ਜ਼ਮਾਨਤ ਲਈ ਅਰਜ਼ੀ ਦਿੱਤੀ ਸੀ। ਹਾਲਾਂਕਿ, ਅਦਾਲਤ ਨੇ ਉਨ੍ਹਾਂ ਨੂੰ ਜ਼ਮਾਨਤ ਦੇ ਦਿੱਤੀ ਹੈ। ਇਸ ਤੋਂ ਪਹਿਲਾਂ, ਅਦਾਲਤ ਨੇ ਉਨ੍ਹਾਂ ਦੀ ਜ਼ਮਾਨਤ ਰੱਦ ਕਰ ਦਿੱਤੀ ਸੀ ਅਤੇ ਉਨ੍ਹਾਂ ਦੀ ਗੈਰਹਾਜ਼ਰੀ ਕਾਰਨ ਉਨ੍ਹਾਂ ਵਿਰੁੱਧ ਗੈਰ-ਜ਼ਮਾਨਤੀ ਵਾਰੰਟ ਜਾਰੀ ਕੀਤਾ ਸੀ। ਇਹ ਮਾਮਲਾ 2017 ਦਾ ਹੈ। ਅਖੰਡ ਕੀਰਤਨੀ ਜਥੇ ਦੇ ਬੁਲਾਰੇ ਅਤੇ ਮੋਹਾਲੀ ਦੇ ਵਸਨੀਕ ਰਾਜਿੰਦਰ ਪਾਲ ਸਿੰਘ ਨੇ ਚੰਡੀਗੜ੍ਹ ਜ਼ਿਲ੍ਹਾ ਅਦਾਲਤ ਵਿੱਚ ਸੁਖਬੀਰ ਸਿੰਘ ਬਾਦਲ ਵਿਰੁੱਧ ਮਾਣਹਾਨੀ ਦੀ ਸ਼ਿਕਾਇਤ ਦਰਜ ਕੀਤੀ ਸੀ। ਇਹ ਸ਼ਿਕਾਇਤ ਭਾਰਤੀ ਦੰਡ ਸੰਹਿਤਾ ਦੀ ਧਾਰਾ 499 ਤਹਿਤ ਦਾਇਰ ਕੀਤੀ ਗਈ ਸੀ। ਅਦਾਲਤ ਦੇ ਹੁਕਮਾਂ ਦੇ ਬਾਵਜੂਦ ਸੁਖਬੀਰ ਬਾਦਲ 17 ਦਸੰਬਰ, 2025 ਨੂੰ ਪੇਸ਼ ਨਹੀਂ



ਹੋਏ ਸਨ। ਇਸ ਤੋਂ ਬਾਅਦ, ਵਧੀਕ ਮੁੱਖ ਨਿਆਂਇਕ ਮੈਜਿਸਟ੍ਰੇਟ ਰਾਹੁਲ ਗਰਗ ਦੀ ਅਦਾਲਤ ਨੇ ਉਨ੍ਹਾਂ ਦੀ ਜ਼ਮਾਨਤ ਰੱਦ ਕਰ ਦਿੱਤੀ ਅਤੇ ਗੈਰ-ਜ਼ਮਾਨਤੀ ਵਾਰੰਟ ਜਾਰੀ ਕੀਤਾ। ਸਖ਼ਤ ਕਾਰਵਾਈ ਦੀ ਆਸ਼ੰਕਾ ਦੇ ਚਲਦੇ ਬਾਦਲ ਨੂੰ ਕੋਰਟ ਵਿੱਚ ਪੇਸ਼ ਹੋਣਾ ਪਿਆ। ਸੁਖਬੀਰ ਬਾਦਲ ਨੇ ਕੇਸ ਨੂੰ ਖਾਰਜ ਕਰਨ ਲਈ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ, ਪਰ ਹਾਈ ਕੋਰਟ ਨੇ ਉਨ੍ਹਾਂ ਦੀ ਪਟੀਸ਼ਨ ਨੂੰ ਖਾਰਜ ਕਰ ਦਿੱਤਾ ਸੀ। ਇਸ ਤੋਂ ਬਾਅਦ ਮਾਮਲਾ ਚੰਡੀਗੜ੍ਹ ਜ਼ਿਲ੍ਹਾ ਅਦਾਲਤ ਵਿੱਚ ਹੀ ਚੱਲ ਰਿਹਾ ਹੈ। ਇਹ ਮਾਮਲਾ 4 ਜਨਵਰੀ, 2017 ਦਾ ਹੈ, ਜਦੋਂ ਦਿੱਲੀ ਦੇ ਤਤਕਾਲੀ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦਿੱਲੀ ਵਿਖੇ ਰਾਜਿੰਦਰ ਪਾਲ ਸਿੰਘ ਦੇ ਘਰ ਗਏ ਸਨ। ਇਸ ਮੁਲਾਕਾਤ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਨੇ ਮੀਡੀਆ ਨੂੰ ਦਿੱਤੇ ਇੱਕ ਬਿਆਨ ਵਿੱਚ ਅਖੰਡ ਕੀਰਤਨੀ ਜਥੇ ਨੂੰ ਪਾਬੰਦੀਸ਼ੁਦਾ ਅੱਤਵਾਦੀ ਸੰਗਠਨ ਬੱਬਰ ਖਾਲਸਾ ਇੰਟਰਨੈਸ਼ਨਲ ਦਾ ਇੱਕ ਰਾਜਨੀਤਿਕ ਫਰੰਟ ਦੱਸਿਆ ਸੀ। ਸ਼ਿਕਾਇਤਕਰਤਾ ਰਾਜਿੰਦਰ ਪਾਲ ਸਿੰਘ ਦਾ ਦੋਸ਼ ਹੈ ਕਿ ਇਸ ਬਿਆਨ ਨੇ ਉਨ੍ਹਾਂ ਦੇ ਸੰਗਠਨ ਦੇ ਅਕਸ ਅਤੇ ਸਾਖ ਨੂੰ ਗੰਭੀਰਤਾ ਨਾਲ ਨੁਕਸਾਨ ਪਹੁੰਚਾਇਆ ਹੈ, ਜਿਸ ਤੋਂ ਬਾਅਦ ਉਨ੍ਹਾਂ ਨੇ ਮਾਣਹਾਨੀ ਦਾ ਮੁਕੱਦਮਾ ਦਾਇਰ ਕੀਤਾ।

## ਕਬੱਡੀ ਖਿਡਾਰੀ ਰਾਣਾ ਬਲਾਚੌਰੀਆ ਦੇ ਕਾਤਲ ਦਾ ਐਨਕਾਊਂਟਰ

**ਮੋਹਾਲੀ, 17 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਮੋਹਾਲੀ ਪੁਲਿਸ ਨੇ ਕਬੱਡੀ ਖਿਡਾਰੀ ਰਾਣਾ ਬਲਾਚੌਰੀਆ ਦੇ ਕਤਲ ਦੇ ਇੱਕ ਦੋਸ਼ੀ ਨੂੰ ਮਾਰ ਦਿੱਤਾ ਹੈ। ਪੁਲਿਸ ਦਾ



ਕਹਿਣਾ ਹੈ ਕਿ ਉਹ ਮੁਲਜ਼ਮ ਕਰਨ ਡਿਫਾਲਟਰ ਨੂੰ ਹਥਿਆਰ ਬਰਾਮਦ ਕਰਨ ਲਈ ਮੋਹਾਲੀ ਲੈ ਜਾ ਰਹੇ ਸਨ, ਪਰ ਉਸਨੇ ਪੁਲਿਸ 'ਤੇ ਹਮਲਾ ਕਰ ਦਿੱਤਾ। ਇਹ ਧਿਆਨ ਦੇਣ ਯੋਗ ਹੈ ਕਿ ਦੋਸ਼ੀ ਕਰਨ ਡਿਫਾਲਟਰ ਨੇ ਹਾਲ ਹੀ ਵਿੱਚ ਗੈਂਗਸਟਰ ਜੱਗੂ ਭਗਵਾਨਪੁਰੀਆ ਦੀ ਮਾਂ ਨੂੰ ਗੋਲੀ ਮਾਰ ਕੇ ਕਤਲ ਕਰ ਦਿੱਤਾ ਸੀ। ਉਹ ਇਸ ਮਾਮਲੇ ਵਿੱਚ ਵੀ ਲੋੜੀਂਦਾ ਹੈ। ਪੁਲਿਸ ਨੇ ਰਾਣਾ ਬਲਾਚੌਰੀਆ ਦੇ ਕਤਲ ਦੇ ਸਬੰਧ ਵਿੱਚ ਉਸਨੂੰ ਦੋ ਦਿਨ ਪਹਿਲਾਂ ਪੱਛਮੀ ਬੰਗਾਲ ਤੋਂ ਗ੍ਰਿਫ਼ਤਾਰ ਕੀਤਾ ਸੀ। ਪੁਲਿਸ ਅਨੁਸਾਰ ਰਾਣਾ ਬਲਾਚੌਰੀਆ ਦੇ ਕਤਲ ਦੇ ਮੁੱਖ ਸ਼ੂਟਰ ਕਰਨ ਡਿਫਾਲਟਰ ਨੇ ਪੁਲਿਸ ਹਿਰਾਸਤ ਵਿੱਚੋਂ ਭੱਜਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਪੁਲਿਸ ਨਾਲ ਝੜਪ ਹੋ ਗਈ। ਉਸਨੂੰ ਗੋਲੀ ਲੱਗੀ ਅਤੇ ਉਹ ਗੰਭੀਰ ਜ਼ਖਮੀ ਹੋ ਗਿਆ। ਬਾਅਦ ਵਿੱਚ ਉਸਨੂੰ ਹਸਪਤਾਲ ਲਿਜਾਇਆ ਗਿਆ ਸੀ। ਇਹ ਮੁਕਾਬਲਾ ਏਅਰਪੋਰਟ ਰੋਡ 'ਤੇ ਹੋਇਆ। ਪੁਲਿਸ ਹੁਣ ਮਾਮਲੇ ਦੀ ਪੂਰੀ ਜਾਣਕਾਰੀ ਮੀਡੀਆ ਨਾਲ ਸਾਂਝੀ ਕਰਨ ਦੀ ਯੋਜਨਾ ਬਣਾ ਰਹੀ ਹੈ। ਮੋਹਾਲੀ ਦੇ ਪੁਲਿਸ ਸੁਪਰਡੈਂਟ (ਐਸਐਸਪੀ) ਹਰਮਨਦੀਪ ਸਿੰਘ ਹੰਸ ਇੱਕ ਪ੍ਰੈਸ ਕਾਨਫਰੰਸ ਕਰਨਗੇ। ਉਹ ਇਸ ਬਾਰੇ ਜਾਣਕਾਰੀ ਪ੍ਰਦਾਨ ਕਰਨਗੇ ਕਿ ਐਨਕਾਊਂਟਰ ਕਿਵੇਂ ਹੋਇਆ, ਪੁਲਿਸ ਨੇ ਕੀ ਕਾਰਵਾਈ ਕੀਤੀ, ਅਤੇ ਅੱਗੇ ਕੀ ਜਾਂਚ ਕੀਤੀ ਜਾਵੇਗੀ।

ਮੋਹਾਲੀ ਦੇ ਐਸਐਸਪੀ ਹਰਮਨਦੀਪ ਸਿੰਘ ਹੰਸ ਨੇ ਦੱਸਿਆ ਕਿ ਕਰਨ ਨੂੰ ਸੀਆਈਏ ਵਿੱਚ ਰੱਖਿਆ ਗਿਆ ਸੀ, ਉਸਨੇ ਦੇਰ ਰਾਤ ਛਾਤੀ ਵਿੱਚ ਦਰਦ ਦੀ ਸ਼ਿਕਾਇਤ ਕੀਤੀ ਅਤੇ ਉਸਨੂੰ ਹਸਪਤਾਲ ਲਿਜਾਇਆ ਗਿਆ। ਰਾਤ ਦੇ ਲਗਭਗ 11:30 ਵਜੇ, ਜਦੋਂ ਪੁਲਿਸ ਦੀ ਗੱਡੀ ਇੱਕ ਡਿਵਾਈਡਰ ਪਾਰ ਕਰ ਗਈ, ਤਾਂ ਪੁਲਿਸ ਨੇ ਜਾਂਚ ਲਈ ਗੱਡੀ ਨੂੰ ਰੋਕਿਆ। ਉਹ ਹੱਥਕੜੀਆਂ ਤੋਂ ਛੁਡਵਾ ਕੇ ਫਰਾਰ ਹੋ ਗਿਆ ਸੀ। ਸਵੇਰੇ ਜਾਂਚ ਦੌਰਾਨ ਪੁਲਿਸ ਨੂੰ ਉਹ ਮਿਲ ਗਿਆ। ਉਸਨੇ ਪੁਲਿਸ 'ਤੇ ਗੋਲੀਬਾਰੀ ਕੀਤੀ ਸੀ। ਪੁਲਿਸ ਨੇ ਜਦੋਂ ਜਵਾਬੀ ਗੋਲੀਬਾਰੀ ਕੀਤੀ, ਤਾਂ ਉਸਦੇ ਪੈਰ ਵਿੱਚ ਗੋਲੀ ਲੱਗੀ ਸੀ। ਜ਼ਮੀਨ 'ਤੇ ਡਿੱਗਣ ਤੋਂ ਬਾਅਦ ਵੀ, ਉਸਨੇ ਪੁਲਿਸ 'ਤੇ ਗੋਲੀਬਾਰੀ ਜਾਰੀ ਰੱਖੀ ਅਤੇ ਜਵਾਬੀ ਗੋਲੀਬਾਰੀ ਵਿੱਚ ਉਸਨੂੰ ਗੋਲੀਆਂ ਲੱਗੀਆਂ। ਉਸਨੂੰ ਪਹਿਲਾਂ ਇੱਕ ਨਿੱਜੀ ਹਸਪਤਾਲ ਲਿਜਾਇਆ ਗਿਆ, ਜਿੱਥੋਂ ਉਸਨੂੰ ਚੰਡੀਗੜ੍ਹ ਦੇ ਇੱਕ ਸਰਕਾਰੀ ਹਸਪਤਾਲ ਵਿੱਚ ਰੈਫਰ ਕਰ ਦਿੱਤਾ ਗਿਆ, ਜਿੱਥੇ ਇਲਾਜ ਦੌਰਾਨ ਉਸਦੀ ਮੌਤ ਹੋ ਗਈ।

## ਪੁਲਿਸ ਨੇ ਸੀਸੀਟੀਵੀ ਰਾਹੀਂ ਫੜਿਆ ਮੁਲਜ਼ਮ : ਬ੍ਰਿਟੇਨ ਦੇ ਗੁਰਦੁਆਰਾ ਸਾਹਿਬ 'ਚ ਨੌਜਵਾਨ ਨੇ ਸੁੱਟਿਆ ਮਾਸ

**ਲੰਡਨ, 17 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਯੂਕੇ ਦੇ ਵੈਸਟ ਬ੍ਰੋਮਵਿਚ ਵਿੱਚ ਗੁਰੂ ਨਾਨਕ ਗੁਰਦੁਆਰਾ ਸਾਹਿਬ ਵਿਖੇ ਮਾਸ ਦਾ ਟੁਕੜਾ ਸੁੱਟਣ ਦਾ ਮਾਮਲਾ ਸਾਹਮਣੇ ਆਇਆ ਹੈ। ਬ੍ਰਿਟਿਸ਼ ਪੁਲਿਸ ਨੇ ਇਸ ਘਟਨਾ ਦੇ ਸਬੰਧ ਵਿੱਚ ਇੱਕ ਨੌਜਵਾਨ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮ ਦੀ ਪਛਾਣ 42 ਸਾਲਾ ਟੋਮਾਜ਼ ਬਰੂਚ ਵਜੋਂ ਹੋਈ ਹੈ। ਪੁਲਿਸ ਨੇ ਕਿਹਾ ਕਿ ਮੁਲਜ਼ਮ ਨੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ



ਲਈ ਜਾਣਬੁੱਝ ਕੇ ਅਜਿਹਾ ਕੀਤਾ। ਦਰਅਸਲ, ਵੈਸਟ ਬ੍ਰੋਮਵਿਚ ਤੋਂ ਲੇਬਰ ਪਾਰਟੀ ਦੀ ਸੰਸਦ ਮੈਂਬਰ ਸਾਰਾਹ ਕੂੰਬਸ ਨੇ ਮੁਲਜ਼ਮ ਦੀ ਗ੍ਰਿਫ਼ਤਾਰੀ ਦੀ ਮੰਗ ਕੀਤੀ ਸੀ। ਉਸਨੇ ਬ੍ਰਿਟਿਸ਼ ਸੰਸਦ ਵਿੱਚ ਕਿਹਾ ਕਿ ਮੁਲਜ਼ਮ ਨੇ ਜਾਣਬੁੱਝ ਕੇ ਨਫ਼ਰਤੀ ਅਪਰਾਧ ਕੀਤਾ ਹੈ।

ਇਸ ਤੋਂ ਬਾਅਦ ਪੁਲਿਸ ਹਰਕਤ ਵਿੱਚ ਆਈ ਅਤੇ ਸੀਸੀਟੀਵੀ ਦੀ ਮਦਦ ਨਾਲ ਉਸਦੀ ਪਛਾਣ ਕਰਨ ਤੋਂ ਬਾਅਦ ਟਾਮਜ਼ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਿਸ ਅਨੁਸਾਰ, 42 ਸਾਲਾ ਟੋਮਾਸਜ਼ ਬਰੂਚ 'ਤੇ ਗੁਰਦੁਆਰੇ ਦੇ ਬਾਹਰ ਜਾਣਬੁੱਝ ਕੇ ਕੱਚਾ ਮਾਸ ਸੁੱਟਣ ਅਤੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦਾ ਆਰੋਪ ਲਗਾਇਆ ਗਿਆ ਹੈ। ਇਸ ਕਾਰਵਾਈ ਨੂੰ ਸਿੱਖ ਧਰਮ ਦੇ ਵਿਰੁੱਧ ਮੰਨਿਆ ਜਾਂਦਾ ਹੈ ਅਤੇ ਪੁਲਿਸ ਇਸਨੂੰ ਨਫ਼ਰਤੀ ਅਪਰਾਧ ਵਜੋਂ ਮੰਨ ਰਹੀ ਹੈ। ਪੁਲਿਸ ਰਿਕਾਰਡ ਅਨੁਸਾਰ, ਮੁਲਜ਼ਮ ਦਾ ਕੋਈ ਸਥਾਈ ਪਤਾ ਨਹੀਂ ਹੈ। ਬ੍ਰਿਟਿਸ਼ ਪੁਲਿਸ ਨੇ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕੀਤਾ, ਜਿੱਥੇ ਉਸਨੂੰ ਰਿਮਾਂਡ 'ਤੇ ਜੇਲ੍ਹ ਭੇਜ ਦਿੱਤਾ ਗਿਆ।

**22 ਦਸੰਬਰ 2025 ਨੂੰ ਵਾਪਰੀ ਸੀ ਘਟਨਾ**-ਯੂਕੇ ਦੇ ਵੈਸਟ ਬ੍ਰੋਮਵਿਚ ਵਿੱਚ ਗੁਰੂ ਨਾਨਕ ਗੁਰਦੁਆਰਾ ਸਾਹਿਬ ਵਿਖੇ ਕੱਚਾ ਮਾਸ ਸੁੱਟਣ ਦੀ ਘਟਨਾ 22 ਦਸੰਬਰ, 2025 ਨੂੰ ਵਾਪਰੀ ਸੀ। ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਇਸ ਘਟਨਾ ਦੀ ਰਿਪੋਰਟ ਪੁਲਿਸ ਨੂੰ ਦਿੱਤੀ ਅਤੇ ਬਾਅਦ ਵਿੱਚ ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ। ਇਸ ਮਾਮਲੇ ਵਿੱਚ ਪੁਲਿਸ ਦੀ ਕਾਰਵਾਈ ਉਦੋਂ ਤੇਜ਼ ਹੋ ਗਈ, ਜਦੋਂ ਵੈਸਟ ਬ੍ਰੋਮਵਿਚ ਤੋਂ ਲੇਬਰ ਸੰਸਦ ਮੈਂਬਰ ਸਾਰਾਹ ਕੂੰਬਸ ਨੇ 8 ਜਨਵਰੀ, 2026 ਨੂੰ ਯੂਕੇ ਸੰਸਦ ਵਿੱਚ ਇਹ ਮੁੱਦਾ ਉਠਾਇਆ।

## ਜਗਰਾਉਂ 'ਚ ਨਸ਼ੇ ਨੇ ਨਿਗਲਿਆ ਪੂਰਾ ਪਰਿਵਾਰ-ਇੱਕੋ ਪਰਿਵਾਰ 'ਚ ਨਸ਼ੇ ਕਾਰਨ ਹੋਈ 7ਵੀਂ ਮੌਤ

**ਚੰਡੀਗੜ੍ਹ/ਜਗਰਾਉਂ, 17 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਨਸ਼ੇ ਦੇ ਦੈਂਤ ਨੇ ਕਈ ਨੌਜਵਾਨਾਂ ਨੂੰ ਨਿਗਲਿਆ, ਜਿਸ 'ਤੇ ਮਾਨ ਸਰਕਾਰ ਦੀ ਕਾਰਵਾਈ ਖੋਖਲੀ ਨਜਰ ਆ ਰਹੀ ਹੈ। ਇਸੇ ਤਰ੍ਹਾਂ ਹੀ ਜਗਰਾਓ 'ਚ ਨਸ਼ੇ ਦੇ ਕਾਰਨ ਇੱਕੋ ਪਰਿਵਾਰ 'ਚ 7 ਮੌਤਾਂ ਹੋ ਗਈਆਂ ਹਨ। 7ਵੀਂ ਮੌਤ 25 ਸਾਲਾਂ ਨੌਜਵਾਨ ਦੀ ਹੋਈ



ਹੈ। ਮਿਲੀ ਜਾਣਕਾਰੀ ਮੁਤਾਬਿਕ ਜਗਰਾਓਂ ਦੇ ਬਲਾਕ ਸਿੱਧਵਾਂ ਬੇਟ ਦੇ ਪਿੰਡ ਸ਼ੇਰੇਵਾਲ ਦੇ ਇਕ 25 ਸਾਲ ਦੇ ਨੌਜ਼ਵਾਨ ਜਸਵੀਰ ਸਿੰਘ ਦੀ ਮੌਤ ਨਸ਼ੇ ਦੀ ਓਵਰਡੋਜ ਨਾਲ ਹੋ ਗਈ। ਇਸੇ ਘਰ ਵਿੱਚ ਮ੍ਰਿਤਕ ਜਸਵੀਰ ਸਿੰਘ ਦੇ ਪੰਜ ਹੋਰ ਭਰਾ ਤੇ ਪਿਤਾ ਪਹਿਲਾਂ ਹੀ ਨਸ਼ੇ ਨਾਲ ਆਪਣੀ ਜਾਨ ਗਵਾ ਚੁੱਕੇ ਹਨ ਤੇ ਹੁਣ ਘਰ ਵਿਚ ਮੌਜੂਦ ਮ੍ਰਿਤਕ ਦੀ ਮਾਤਾ ਛਿੰਦਰ ਕੌਰ ਆਪਣੀਆਂ ਦੋ ਨੂੰਹਾਂ ਤੇ ਦੋ ਪੋਤੇ ਤੇ ਇਕ ਪੋਤੀ ਸਮੇਤ ਹੁਣ ਆਪਣੇ ਪਰਿਵਾਰ ਲਈ ਇਨਸਾਫ ਦੀ ਮੰਗ ਕਰ ਰਹੀ ਹੈ। ਇਸ ਮੌਕੇ ਜਦੋਂ ਮ੍ਰਿਤਕ ਜਸਵੀਰ ਸਿੰਘ ਦੇ ਰਿਸ਼ਤੇਦਾਰਾਂ ਅਤੇ ਪਿੰਡ ਵਾਸੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਦੱਸਿਆਕਿ ਮ੍ਰਿਤਕ ਜਸਵੀਰ ਦੇ ਪਿਤਾ ਮੁਖਤਿਆਰ ਸਿੰਘ ਦੀ ਸਾਲ 2012 ਵਿੱਚ ਜਿਆਦਾ ਸ਼ਰਾਬ ਪੀਣ ਨਾਲ ਨਸ਼ੇ ਦੀ ਹਾਲਤ ਵਿੱਚ ਐਕਸੀਡੈਂਟ ਹੋ ਗਿਆ ਸੀ ਤੇ ਉਸ ਤੋਂ ਬਾਅਦ ਉਸੇ ਸਾਲ ਇਕ ਮੁੰਡੇ ਦੀ ਵੀ ਨਸ਼ੇ ਕਰਕੇ ਮੌਤ ਹੋ ਗਈ। ਉਸ ਤੋਂ ਬਾਅਦ 2021 ਤੋ ਲੈਂ ਕੇ ਜਨਵਰੀ 2026 ਤੱਕ ਮ੍ਰਿਤਕ ਮੁਖਤਿਆਰ ਸਿੰਘ ਦੇ ਇਕ ਇਕ ਕਰਕੇ ਪੰਜ ਹੋਰ ਮੁੰਡਿਆਂ ਦੀ ਮੌਤ ਵੀ ਨਸ਼ੇ ਕਰਕੇ ਹੋ ਗਈ। ਜਿਸ ਕਰਕੇ ਇਸ ਪਰਿਵਾਰ ਵਿਚ ਹੁਣ ਸਿਰਫ ਇਕ ਬਜ਼ੁਰਗ ਮਾਤਾ ਛਿੰਦਰ ਕੌਰ ਹੀ ਬਚੀ ਹੈ। ਜੋ ਆਪਣੇ ਬੱਚਿਆਂ ਲਈ ਪੁਲਿਸ ਤੋਂ ਇਨਸਾਫ਼ ਦੀ ਮੰਗ ਕਰ ਰਹੀ ਹੈ। ਇਸ ਮੌਕੇ ਇਸ ਪਰਿਵਾਰ ਦੇ ਰਿਸ਼ਤੇਦਾਰਾਂ ਤੇ ਪਿੰਡ ਵਾਸੀਆਂ ਨੇ ਕਿਹਾ ਕਿ ਸਾਡੇ ਇਲਾਕੇ ਵਿਚ ਨਸ਼ਾ ਰੱਜ ਕੇ ਵਿਕਦਾ ਹੈ ਤੇ ਪੁਲਿਸ ਕੋਈ ਕਾਰਵਾਈ ਨਹੀਂ ਕਰਦੀ। ਜਿਸ ਕਰਕੇ ਇੱਥੇ ਆਏ ਦਿਨ ਕੋਈ ਨਾ ਕੋਈ ਮੌਤ ਹੁੰਦੀ ਰਹਿੰਦੀ ਹੈ। ਪੁਲਿਸ ਨੇ ਬੀਤੇ ਕੱਲ ਹੋਈ ਜਸਵੀਰ ਸਿੰਘ ਦੀ ਮੌਤ ਤੋਂ ਬਾਅਦ ਇਕ ਔਰਤ ਸਮੇਤ ਇਕ ਹੋਰ ਵਿਅਕਤੀ 'ਤੇ ਪਰਚਾ ਦਰਜ ਕੀਤਾ ਹੈ। ਪਰ ਅਜੇ ਤੱਕ ਕੋਈ ਗ੍ਰਿਫਤਾਰੀ ਨਹੀਂ ਹੋਈ। ਉਹ ਪੁਲਿਸ ਤੋਂ ਹੁਣ ਇਨਸਾਫ਼ ਦੀ ਮੰਗ ਕਰ ਰਹੇ ਹਨ। ਇਸ ਮੌਕੇ ਜਦੋਂ ਇਸ ਪਿੰਡ ਨੂੰ ਲੱਗਦੀ ਪੁਲਿਸ ਚੌਂਕੀ ਗਿੱਦੜਵਿੰਡੀ ਦੇ ਇੰਚਾਰਜ ਰਾਜਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਮ੍ਰਿਤਕ ਜਸਵੀਰ ਸਿੰਘ ਦੀ ਮੌਤ ਨਸ਼ੇ ਨਾਲ ਹੋਈ ਹੈ,ਇਸ ਗੱਲ ਦੀ ਪੁਸ਼ਟੀ ਨਹੀਂ ਹੋਈ। ਪੁਸ਼ਟੀ ਤਾਂ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਹੋਵੇਗੀ। ਫਿਲਹਾਲ ਪੁਲਿਸ ਨੇ ਇੱਕ ਔਰਤ ਤੇ ਇਕ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਆਪਣੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਹਾਲਾਂਕਿ ਜਿਸ ਔਰਤ ਤੇ ਹੁਣ ਨਸ਼ਾ ਵੇਚਣ ਦਾ ਪਰਚਾ ਦਰਜ ਕੀਤਾ ਹੈ,ਇਸੇ ਔਰਤ ਦੇ ਪਤੀ 'ਤੇ ਵੀ 9 ਜਨਵਰੀ ਨੂੰ ਨਸ਼ੇ ਵੇਚਣ ਦਾ ਪਰਚਾ ਦਰਜ ਕਰਕੇ ਉਸਨੂੰ ਪਹਿਲਾਂ ਹੀ ਜੇਲ੍ਹ ਭੇਜਿਆ ਜਾ ਚੁੱਕਾ ਹੈ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ

• ਜੋਤੀ ਜੋਤ ਸ਼ੋ੍ਮਣੀ ਭਗਤ, ਭਗਤ ਨਾਮਦੇਵ ਸਾਹਿਬ ਜੀ • ਸਲਾਨਾ ਬਰਸੀ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਸਾਹਿਬ ਵਾਲਿਆਂ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।



ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਸ਼ੁਕਰਵਾਰ 10:00 ਵਜੇ ਹੋਵੇ ਅਤੇ ਐਤਵਾਰ 10:00 ਵਜੇ ਭੋਗ ਪੈਣਗੇ।

• ਸ਼ਨਿੱਚਰਵਾਰ 17 ਜਨਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ • ਐਤਵਾਰ 18 ਜਨਵਰੀ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12 :30 ਵਜੇ ਤੱਕ ਦੀਵਾਨ ਸੱਜਣਗੇ।

• ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਇਲਾਕਾ ਨਿਵਾਸੀ ਸਿੱਖ ਸੰਗਤਾਂ ਵੱਲੋਂ ਲਈ ਗਈ ਹੈ।

ਕਥਾ ਵਾਚਕ ਗਿਆਨੀ ਹੀਰਾਂ ਸਿੰਘ ਮਨਿਹਾਲਾ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਸ਼ਹੀਦੀ ਸਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛੱਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel
https://youtu.be/LQwolgxDu7I

Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


# ਸੰਤ ਗਿਆਨੀ ਗੁਰਬਚਨ ਸਿੰਘ ਜੀ

# ਖਾਲ਼ਸਾ ਮੈਮੋਰੀਅਲ ਹਸਪਤਾਲ

## ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



+91 98767-50784 +91 98767-50784

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

## ਮਹਿਤਾ ਚੌਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









# SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

# SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

## DR. KAMALJIT SAROA

B.D.S., Dental Surgeon
Moti Nagar, Near Railway Crossing, Maqsudan
Jalandhar-144 008

**Contact :**

**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ॥

# ਗੁਰਦੁਆਰਾ ਬਾਬਾ ਸੰਗ ਜੀ ਹਾਈ ਸਟਰੀਟ ਸਮੈਦਿਕ ਬਰਮਿੰਘਮ ਇੰਗਲੈਂਡ

ਵਿਖੇ ਮਾਘੀ ਦੇ ਇਤਿਹਾਸਿਕ ਦਿਨ ਟੁੱਟੀ ਗੰਢੀ ਦਿਹਾੜੇ ਤੇ ਮੁਕਤਸਰ ਸਾਹਿਬ ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਇੰਟਰਨੈਸ਼ਨਲ ਪੰਥਕ ਦਲ ਯੂ. ਕੇ. (ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ) ਵੱਲੋਂ

# ਧਾਰਮਿਕ ਸ਼ਹੀਦੀ ਸਮਾਗਮ

## 18 ਜਨਵਰੀ, 2026 (ਦਿਨ ਐਤਵਾਰ)




### ਗੁਰੂ ਪਿਆਰੀ ਸਾਧ ਸੰਗਤ ਜੀਓ,

ਜਿਸ ਤਰ੍ਹਾਂ ਆਪ ਜੀ ਭਲੀ ਭਾਂਤ ਜਾਣਦੇ ਹੋ ਕਿ ਸਿੱਖ ਇਤਿਹਾਸ ਵਿੱਚ ਮੁਕਤਸਰ ਸਾਹਿਬ ਦੀ ਪਵਿੱਤਰ ਧਰਤੀ ਨੂੰ ਵਿਲੱਖਣ ਮਹੱਤਤਾ ਪ੍ਰਾਪਤ ਹੈ। ਇੱਥੇ ਭਾਈ ਮਹਾ ਸਿੰਘ ਜੀ ਦੀ ਅਗਵਾਈ ਹੇਠ ਉਹ ਸਿੰਘ, ਜੋ ਆਨੰਦਪੁਰ ਸਾਹਿਬ ਦੀ ਘੇਰਾਬੰਦੀ ਦੌਰਾਨ ਬੇਦਾਵਾ ਦੇ ਕੇ ਚਲੇ ਗਏ ਸਨ, ਮਾਤਾ ਭਾਗ ਕੌਰ ਜੀ ਦੀ ਪ੍ਰੇਰਣਾ ਨਾਲ ਪਸ਼ਚਾਤਾਪ ਕਰਦੇ ਹੋਏ ਮੁੜ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸ਼ਰਨ ਵਿੱਚ ਆਏ। ਮੁਕਤਸਰ ਦੀ ਜੰਗ ਵਿੱਚ ਚਾਲੀ ਸਿੰਘਾਂ ਨੇ ਅਦੁੱਤੀ ਬਹਾਦਰੀ ਦਾ ਪ੍ਰਗਟਾਵਾ ਕਰਦੇ ਹੋਏ ਸ਼ਹਾਦਤਾਂ ਪ੍ਰਾਪਤ ਕਰਕੇ ਗੁਰੂ ਨਾਲੋਂ ਟੁੱਟੀ ਗੰਢੀ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਦੇਖ ਕੇ ਬੇਦਾਵਾ ਪਾੜ ਦਿੱਤਾ ਅਤੇ ਉਨ੍ਹਾਂ ਨੂੰ "ਚਾਲੀ ਮੁਕਤਿਆਂ" ਖਿਤਾਬ ਬਖ਼ਸ਼ਿਆ।

ਇਹ ਪਾਵਨ ਸ਼ਹਾਦਤ ਅੱਜ ਵੀ ਸਾਨੂੰ ਇਹ ਸੰਦੇਸ਼ ਦਿੰਦੀ ਹੈ ਕਿ ਜੇ ਅਸੀਂ ਅਣਜਾਣੇ ਵਿੱਚ ਕਦੇ ਗੁਰੂ ਤੋਂ ਬੇਦਾਵਾ ਦੇ ਬੈਠੇ ਹਾਂ, ਤਾਂ ਗੁਰੂ ਦੇ ਚਰਨਾਂ ਵਿੱਚ ਆ ਕੇ ਆਪਣੇ ਜੀਵਨ ਦਾ ਬੇਦਾਵਾ ਆਪ ਹੀ ਪਾੜੀਏ ਅਤੇ ਗੁਰੂ ਨਾਲ ਪ੍ਰੀਤ ਨਿਭਾਉਣ ਦੀ ਅਰਦਾਸ ਕਰੀਏ।

### ★ ਪ੍ਰੋਗਰਾਮ ★

ਆਰੰਭ ਸ੍ਰੀ ਅਖੰਡ ਪਾਠ ਸਾਹਿਬ 16 ਜਨਵਰੀ 2026 ਦਿਨ ਸ਼ੁਕਰਵਾਰ ਸਵੇਰੇ 10 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ 18 ਜਨਵਰੀ 2026 ਦਿਨ ਐਤਵਾਰ ਸਵੇਰੇ 10 ਵਜੇ

**********************

ਭੋਗ ਤੋਂ ਉਪਰੰਤ ਕੀਰਤਨੀ ਜਥਾ ਭਾਈ ਬਲਵੰਤ ਸਿੰਘ ਜੀ ਕਵੀਸ਼ਰੀ ਜਥਾ ਭਾਈ ਮਲਕੀਤ ਸਿੰਘ ਬੰਗਾ ਪੰਛੀ ਭਰਾਵਾਂ ਦੀ ਜੋੜੀ, ਕਥਾਕਾਰ ਗਿਆਨੀ ਗੁਰਪਾਲ ਸਿੰਘ ਗੁਰਦਾਸਪੁਰ ਵਾਲੇ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ


ਕੀਰਤਨੀ ਜਥਾ
ਭਾਈ ਬਲਵੰਤ ਸਿੰਘ ਜੀ



ਕੀਰਤਨੀ ਜਥਾ, ਭਾਈ ਬਲਵੰਤ ਸਿੰਘ ਜੀ, ਕਵੀਸ਼ਰੀ
ਜਥਾ ਭਾਈ ਮਲਕੀਤ ਸਿੰਘ ਬੰਗਾ, ਪੰਛੀ ਭਰਾਵਾਂ ਦੀ ਜੋੜੀ


ਕਥਾਕਾਰ ਗਿਆਨੀ ਗੁਰਪਾਲ
ਸਿੰਘ ਗੁਰਦਾਸਪੁਰ ਵਾਲੇ



### ★ ਗੁਰੂ ਪੰਥ ਦੇ ਸੇਵਾਦਾਰ ★

## ਇੰਟਰਨੈਸ਼ਨਲ ਪੰਥਕ ਦਲ ਯੂ. ਕੇ.

(ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ)

ਵਧੇਰੇ ਜਾਣਕਾਰੀ ਲਈ →

ਭਾਈ ਰਘਵੀਰ ਸਿੰਘ ਵਾਲਸਾਲ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂਕੇ, ਮੋ.: +44 7976210161
ਭਾਈ ਕਪਤਾਨ ਸਿੰਘ, ਜਨਰਲ ਸਕੱਤਰ ਤੇ ਮੁੱਖ ਬੁਲਾਰਾ, ਇੰਟਰਨੈਸ਼ਨਲ ਪੰਥਕ ਦਲ ਯੂਕੇ, +44 7788283485
ਭਾਈ ਰਘਵੀਰ ਸਿੰਘ ਬੀਰ੍ਹਾ, ਸੀਨੀਅਰ ਮੀਤ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂਕੇ ਅਤੇ (ਸਾਬਕਾ ਪ੍ਰਧਾਨ ਗੁਰਦੁਆਰਾ ਬਾਬਾ ਸੰਗ ਜੀ) +44 7930908368

**Address: GURDWARA BABA SANG JI**
**9 St Paul's Rd, Smethwick Birmingham B66 1EE**


ਘੜੀਐ ਸਬਦੁ ਸਚੀ ਟਕਸਾਲ ॥
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਵਰੋਸਾਈ ਹੋਈ ਦਮਦਮੀ ਟਕਸਾਲ ਦੇ
ਪਹਿਲੇ ਮੁਖੀ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ
ਜਨਮ ਦਿਹਾੜੇ ਨੂੰ ਸਮਰਪਿਤ 3 ਰੋਜ਼ਾ ਗੁਰਮਤਿ ਸਮਾਗਮ
22-23-24 ਜਨਵਰੀ 2026 ਨੂੰ ਸਮੂਹ ਨੌਜਵਾਨ ਸੇਵਾਦਾਰਾਂ ਵੱਲੋਂ
ਗੁਰੂ ਨਾਨਕ ਰੋਡ, ਗੁਰਦੁਆਰਾ ਸਿੰਘ ਸਭਾ ਸਾਊਥਹਾਲ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ 020 8574 4311
Guru Nanak Road, Southall UB2 4NP
ਵਿਸ਼ੇਸ਼ ਨੋਟ
ਸ੍ਰੀ ਅਖੰਡ ਪਾਠ ਸਾਹਿਬ
ਆਰੰਭ
ਭੋਗ


!! ਪੂਜਾ ਅਕਾਲ ਕੀ !!
!! ਪਰਚਾ ਸ਼ਬਦ ਕਾ !!
!! ਦੀਦਾਰ ਖਾਲਸੇ ਕਾ !!
ਸਮੂੰਹ ਇਲਾਕਾ ਨਿਵਾਸੀਆਂ ਨੂੰ ਇਹ ਜਾਣ ਕੇ ਬੜੀ ਖੁਸ਼ੀ ਹੋਵੇਗੀ ਕਿ ਹਰ ਸਾਲ ਦੀ ਤਰ੍ਹਾਂ
ਸੱਤਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਅਤੇ
ਸੱਚਖੰਡ ਵਾਸੀ ਸੰਤ ਬਾਬਾ ਲਾਭ ਸਿੰਘ ਜੀ ਅਤੇ ਸੰਤ ਬਾਬਾ ਹਰੀ ਸਿੰਘ ਜੀ
ਦੇਸੂਯੋਧਾ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ
20ਵਾਂ ਸਾਲਾਨਾ ਧਾਰਮਿਕ ਸਮਾਗਮ
ਮਿਤੀ 29-30-31 ਜਨਵਰੀ 2026
ਦਿਨ ਵੀਰਵਾਰ, ਸ਼ੁੱਕਰਵਾਰ ਅਤੇ ਸ਼ਨੀਵਾਰ
ਸਮਾਂ :
ਸਵੇਰੇ 11 ਵਜੇ ਤੋਂ 2 ਵਜੇ ਤੱਕ
ਸਥਾਨ :
ਪਿੰਡ ਜੋਗੇਵਾਲਾ
ਕੋਠੇ ਹਰਿ ਰਾਏ ਸਾਹਿਬ ਜੀ
ਨੇੜੇ ਡੱਬਵਾਲੀ ਮੰਡੀ ਸਿਰਸਾ ਵਿਖੇ
ਮਿਤੀ 31 ਜਨਵਰੀ, 3 ਵਜੇ
ਅੰਮ੍ਰਿਤ ਸੰਚਾਰ ਵੀ ਹੋਵੇਗਾ
ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਸੰਤ ਬਾਬਾ ਬੂਟਾ ਸਿੰਘ ਗੁਰਥੜੀ ਵਾਲੇ,
ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਜੱਥਾ ਗੁਰਦੁਆਰਾ ਦਾਦੂ ਸਾਹਿਬ, ਬਾਬਾ ਜਸਵਿੰਦਰ ਸਿੰਘ ਤਿਉਣਾ ਵਾਲੇ
ਗੁਰਬਾਣੀ ਕਥਾ ਕੀਰਤਨ ਦੁਆਰਾ ਸਿੱਖ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ।
ਸਰਬੱਤ ਸੰਗਤਾਂ ਸਮੇਂ ਸਿਰ ਹਾਜਰੀ ਭਰ ਕੇ ਗੁਰਬਾਣੀ ਕਥਾ ਕੀਰਤਨ ਦਾ ਲਾਹਾ ਪ੍ਰਾਪਤ ਕਰੋ ਜੀ।
ਬੇਨਤੀ ਕਰਤਾ -
ਸਮੂੰਹ ਸਾਧ ਸੰਗਤ, ਪਿੰਡ ਜੋਗੇਵਾਲਾ, ਨੇੜੇ ਡੱਬਵਾਲੀ, ਸਿਰਸਾ
86840-10671, 94167-69745, 95887-20116
94679-08015, 87088-48139




**ਸ਼ਹੀਦ ਭਾਈ ਮਨੀ ਸਿੰਘ ਸੇਵਾ ਸੁਸਾਇਟੀ ਤਲਵੰਡੀ ਸਾਬੋ ਵੱਲੋਂ**

# ਲੋੜਵੰਦ ਬੱਚਿਆਂ ਨੂੰ ਵੰਡੇ ਗਰਮ ਕੱਪੜੇ

ਤਲਵੰਡੀ ਸਾਬੋ, 17 ਜਨਵਰੀ (ਗੁਰਜੰਟ ਸਿੰਘ ਨਥੇਹਾ)– ਸ਼ਹੀਦ ਭਾਈ ਮਨੀ ਸਿੰਘ ਸੇਵਾ ਸੁਸਾਇਟੀ (ਰਜਿ:) ਤਲਵੰਡੀ ਸਾਬੋ ਵੱਲੋਂ ਸਮਾਜਿਕ ਸਰੋਕਾਰਾਂ ਨੂੰ ਧਿਆਨ ਵਿੱਚ ਰੱਖਦਿਆਂ ਪਿੰਡ ਮੈਨੂੰਆਣਾ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਵਿੱਚ ਪੜ੍ਹਦੇ ਲੋੜਵੰਦ ਬੱਚਿਆਂ ਨੂੰ ਗਰਮ ਕੱਪੜੇ ਵੰਡੇ ਗਏ। ਇਸ ਮਨੁੱਖਤਾ ਭਲਾਈ ਕਾਰਜ ਦੌਰਾਨ ਬੱਚਿਆਂ ਦੇ ਚਿਹਰਿਆਂ 'ਤੇ ਖ਼ੁਸ਼ੀ ਸਪਸ਼ਟ ਨਜ਼ਰ ਆਈ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਲਾਭਦੀਪ ਸਿੰਘ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਵਿਸਾਖੀ ਮੌਕੇ ਲੰਗਰ ਲਗਾਏ ਜਾਂਦੇ ਉਹ ਉਹਨਾਂ ਲੰਗਰਾਂ ਵਿੱਚ ਲੋੜਵੰਦ ਪਰਿਵਾਰ ਸੇਵਾ ਕਰਨ ਲਈ ਆਉਂਦੇ ਹਨ, ਜਿਹਨਾਂ ਦੇ ਬੱਚਿਆਂ ਨੂੰ ਗਰਮ ਕਪੜਿਆਂ ਦੀ ਜ਼ਰੂਰਤ ਨੂੰ ਦੇਖਦਿਆਂ ਅੱਜ ਇਹ ਸੇਵਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਹੋਰ ਸੇਵਾ ਕਾਰਜ ਜਾਰੀ ਰੱਖੇ ਜਾਣਗੇ। ਸੀਨੀਅਰ ਮੀਤ ਪ੍ਰਧਾਨ ਜਗਰਾਜ ਸਿੰਘ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਸਮਾਜ ਦੇ ਕਮਜ਼ੋਰ ਵਰਗਾਂ ਦੀ ਸਹਾਇਤਾ ਲਈ ਹਮੇਸ਼ਾ ਅੱਗੇ ਆ ਕੇ ਕੰਮ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਲੋੜਵੰਦ ਬੱਚਿਆਂ ਨੂੰ ਗਰਮ ਕੱਪੜੇ ਵੰਡਣਾ ਮਨੁੱਖਤਾ ਦੀ ਸੱਚੀ ਸੇਵਾ ਹੈ ਅਤੇ ਅਜਿਹੇ ਉਪਰਾਲੇ ਸਮਾਜ ਵਿੱਚ ਆਪਸੀ ਭਾਈਚਾਰੇ ਅਤੇ ਸੇਵਾ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਸਕੂਲ ਪ੍ਰਬੰਧਕਾਂ ਅਤੇ ਪਿੰਡ ਵਾਸੀਆਂ ਨੇ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਧੰਨਵਾਦ ਕੀਤਾ। ਇਸ ਮੌਕੇ ਸੁਸਾਇਟੀ ਦੇ ਅਹੁਦੇਦਾਰ ਜਗਮੇਲ ਸਿੰਘ, ਗੁਰਪਿਆਰ ਸਿੰਘ ਚਾਹਲ, ਸੁਖਪਾਲ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਸਰਪੰਚ ਸੁਖਦੀਪ ਸਿੰਘ, ਸਾਬਕਾ ਸਰਪੰਚ ਕੁਲਵੰਤ ਸਿੰਘ, ਜਸਵੀਰ ਸਿੰਘ, ਗੁਰਲਾਲ ਸਿੰਘ, ਰਛਪਾਲ ਸਿੰਘ, ਸੰਦੀਪ ਕੁਮਾਰ, ਦਲ ਸਿੰਘ ਅਤੇ ਸਕੂਲ ਸਟਾਫ ਹਾਜ਼ਰ ਸਨ।



### ਗੁਰਦੁਆਰਾ ਜੁਡੀਸ਼ਲ ਕਮਿਸ਼ਨ ਵੱਲੋਂ

# ਹਰਿਆਣਾ ਕਮੇਟੀ ਦੇ ਵੱਡੇ ਖਰਚਿਆਂ ਉੱਪਰ ਲਗਾਈ



**ਚੰਡੀਗੜ੍ਹ, 17 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਾਂ ਨੂੰ ਸੁਚੱਜਾ ਚਲਾਉਣ ਅਤੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਦੀਆਂ ਮਨਮਾਨੀਆਂ ਨੂੰ ਰੋਕਣ ਵਾਸਤੇ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ ਵੱਲੋਂ ਹਰਿਆਣਾ ਸਿੱਖ ਗੁਰਦੁਆਰਾ ਜੁਡੀਸ਼ਲ ਕਮਿਸ਼ਨ ਕੋਲ ਕੇਸ ਦਾਇਰ ਕੀਤਾ ਗਿਆ ਸੀ ਜਿਸ ਦੀ ਸੁਣਵਾਈ ਚੰਡੀਗੜ 17 ਸੈਕਟਰ ਗੁਰਦੁਆਰਾ ਜੁਡੀਸ਼ਅਲ ਕਮਿਸ਼ਨ ਦੇ ਦਫਤਰ ਵਿੱਚ ਕਰਦਿਆਂ ਕਮਿਸ਼ਨਰ ਦਰਸ਼ਨ ਸਿੰਘ ਜੌੜਾ ਵੱਲੋਂ 16 ਜਨਵਰੀ 2026 ਨੂੰ ਆਰਡਰ ਪਾਸ ਕੀਤਾ ਗਿਆ ਜਿਸ ਦੇ ਤਹਿਤ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੂੰ ਮੇਜਰ ਫੰਡਾਂ ਦੀ ਵਰਤੋਂ ਮਨਮਰਜ਼ੀ ਨਾਲ ਕਰਨ ਤੇ ਰੋਕ ਲਗਾ ਦਿੱਤੀ ਅਤੇ ਕਮੇਟੀ ਦੇ ਚੀਫ ਸਕੱਤਰ ਨੂੰ ਹੁਕਮ ਜਾਰੀ ਕੀਤਾ ਗਿਆ ਕੇ ਕਮੇਟੀ ਦਾ ਕੋਈ ਵੀ ਮੈਂਬਰ ਦਫਤਰ ਦਾ ਰਿਕਾਰਡ ਜਦੋਂ ਚਾਹੇ ਦੇਖ ਸਕਦਾ ਹੈ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਕਮੇਟੀ ਦੇ ਸੀਨੀਅਰ ਮੈਂਬਰ ਸਰਦਾਰ ਦੀਦਾਰ ਸਿੰਘ ਨਲਵੀ ਨੇ ਕਿਹਾ ਕੇ ਜਗਦੀਸ਼ ਸਿੰਘ ਝੀਂਡਾ ਵੱਲੋਂ ਡਿਕਟੇਟਰਸ਼ਿਪ ਕੀਤੀ ਜਾ ਰਹੀ ਹੈ ਜਿਸ ਨਾਲ ਕਮੇਟੀ ਦਾ ਸਾਰਾ ਮਾਹੌਲ ਖ਼ਰਾਬ ਅਤੇ ਪ੍ਰਬੰਧ ਡਗਮਗਾ ਚੁੱਕਾ ਹੈ ਦੀਦਾਰ ਸਿੰਘ ਨਲਵੀ ਨੇ ਕਿਹਾ ਕੇ ਪਹਿਲਾਂ ਵੀ 2014 ਤੋਂ 2020 ਤੱਕ ਜਦੋਂ ਝੀਂਡਾ ਪ੍ਰਧਾਨ ਰਿਹਾ ਤਾਂ ਉਸ ਵੇਲੇ ਵੀ ਐਗਜੈਕਟਿਵ ਦਾ ਕੋਰਮ ਪੂਰਾ ਨਹੀਂ ਸੀ ਹੁੰਦਾ ਤੇ ਝੀਂਡਾ ਘਰਾਂ ਵਿੱਚ ਕਾਰਵਾਈ ਰਜ਼ਿਸਟਰ ਭੇਜ ਕੇ ਮੈਂਬਰਾਂ ਤੋਂ ਦਸਤਖ਼ਤ ਕਰਵਾਇਆ ਕਰਦਾ ਸੀ ਹੁਣ ਵੀ ਇਸੇ ਤਰਾਂ ਝੀਂਡਾ ਦੀਆਂ ਤਿੰਨ ਐਗਜੈਕਟਿਵ ਅਤੇ ਤਿੰਨ ਜਨਰਲ ਹਾਊਸ ਦੀਆਂ ਮੀਟਿੰਗਾਂ ਫੇਲ ਹੋ ਚੁੱਕੀਆਂ ਹਨ 7 ਜਨਵਰੀ ਨੂੰ ਬਜ਼ਟ ਇਜ਼ਲਾਸ ਵਿੱਚ ਮੈਂਬਰਾਂ ਦਾ ਕੋਰਮ ਪੂਰਾ ਨਾ ਹੋਣ ਦੇ ਬਾਵਜੂਦ ਵੀ ਝੀਂਡਾ ਨੇ ਬਜ਼ਟ ਪਾਸ ਕਰਨ ਦਾ ਐਲਾਨ ਕਰ ਦਿੱਤਾ ਸੀ ਜਦੋਂ ਕੇ 49 ਮੈਂਬਰਾਂ ਚੋਂ 33 ਮੈਂਬਰਾਂ ਦੀ ਟੂ ਥਰਡ ਬਹੁਮਤ ਦੀ ਬਜਾਏ ਕੇਵਲ 28 ਮੈਂਬਰ ਹਾਜ਼ਰ ਸਨ ਝੀਂਡਾ ਨੇ 8 ਜਨਵਰੀ ਨੂੰ ਦਫ਼ਤਰ ਦਾ ਰਜਿਸਟਰ ਗੈ.ਰਕਾਨੂੰਨੀ ਢੰਗ ਨਾਲ ਗੱਡੀ ਵਿੱਚ ਰੱਖ ਕੇ ਮੈਂਬਰਾਂ ਦੇ ਘਰਾਂ ਵਿੱਚ ਅਗਲੇ ਦਿਨ ਜਾ ਕੇ ਦਸਤਖ਼ਤ ਕਰਵਾਏ ਅਤੇ ਅਜਿਹੇ ਮੈਂਬਰਾਂ ਦੇ ਜਿਹੜੇ 7 ਤਰੀਕ ਨੂੰ ਇਜਲਾਸ ਵਿੱਚ ਕੁਰੁਕਸ਼ੇਤਰ ਨਹੀਂ ਸਗੋਂ ਗੁਰਦੁਆਰਾ ਨਾਢਾ ਸਾਹਿਬ ਪੰਚਕੂਲਾ ਵਿਖੇ ਸਾਡੇ ਨਾਲ ਹਾਜ਼ਰ ਸਨ ਝੀਂਡਾ ਵੱਲੋਂ ਸੰਗਤਾਂ ਦੀਆਂ ਅੱਖਾਂ ਵਿੱਚ ਝੂਠ ਬੋਲ ਕੇ ਘੱਟਾ ਪਾਇਆ ਜਾ ਰਿਹਾ ਹੈ ਝੀਂਡਾ ਨੇ ਮੀਡੀਆ ਵਿੱਚ ਕਿਹਾ ਸੀ ਕੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੂੰ ਅਸੀਂ ਮਤਾ ਪਾਸ ਕਰਕੇ ਸਰਬਸੰਮਤੀ ਨਾਲ ਧਰਮ ਪ੍ਰਚਾਰ ਚੇਅਰਮੈਨ ਤੋਂ ਹਟਾ ਦਿੱਤਾ ਹੈ ਪਰ ਜਦੋਂ ਕੱਲ ਜੁਡੀਸ਼ਲ ਕਮਿਸ਼ਨ ਨੇ ਰਜਿਸਟਰ ਚੈੱਕ ਕੀਤਾ ਤਾਂ ਉਸ ਦੇ ਵਿੱਚ ਅਜਿਹਾ ਕੋਈ ਵੀ ਮਤਾ ਨਹੀਂ ਸੀ ਇਨਾਂ ਗੱਲਾਂ ਤੋਂ ਪਤਾ ਲੱਗਦਾ ਹੈ ਕੇ ਜਗਦੀਸ਼ ਸਿੰਘ ਝੀਂਡਾ ਬਾਰ ਬਾਰ ਝੂਠ ਬੋਲ ਕੇ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰ ਰਿਹਾ ਹੈ ਦੀਦਾਰ ਸਿੰਘ ਨਲਵੀ ਨੇ ਕਿਹਾ ਕੇ ਕੱਲ ਜਦੋਂ ਜੁਡੀਸ਼ਲ ਕਮਿਸ਼ਨ ਨੇ 49 ਮੈਂਬਰਾਂ ਨੂੰ ਬੁਲਾਇਆ ਹੋਇਆ ਸੀ ਤਾਂ ਜਗਦੀਸ਼ ਸਿੰਘ ਝੀਂਡਾ ਗਰੁੱਪ ਦਾ ਇੱਕ ਵੀ ਮੈਂਬਰ ਜੁਡੀਸ਼ਲ ਕਮਿਸ਼ਨ ਦੀ ਕੋਰਟ ਵਿੱਚ ਨਹੀਂ ਪਹੁੰਚਿਆ ਰਾਜਪਾਲ ਸਿੰਘ ,ਨਰਿੰਦਰ ਸਿੰਘ ਅਤੇ ਸਤਪਾਲ ਸਿੰਘ ਡਾਚਰ ਕੇਵਲ 3 ਦਫ਼ਤਰ ਮੁਲਾਜ਼ਮ ਹੀ ਪੁੱਜੇ ਹੋਏ ਸਨ ਦੀਦਾਰ ਸਿੰਘ ਨਲਵੀ ਨੇ ਦੱਸਿਆ ਕੇ ਜਦੋਂ ਕੱਲ ਕੋਰਟ ਵਿੱਚ ਕੇਸ ਦੀ ਸੁਣਵਾਈ ਦੌਰਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਕਿਹਾ ਕੇ ਜਗਦੀਸ਼ ਸਿੰਘ ਝੀਂਡਾ ਝੂਠਾ ਹੋਣ ਦੇ ਕਾਰਨ ਅੱਜ ਕੋਰਟ ਵਿੱਚ ਨਹੀਂ ਪਹੁੰਚਿਆ ਪਰ ਉਸਦੇ ਭੇਜੇ ਹੋਏ ਮੁਲਾਜ਼ਮ ਹੀ ਨੇਮ ਦੇ ਕੇ ਕਹਿ ਦੇਣ ਕੇ 7 ਜਨਵਰੀ ਨੂੰ ਬਜ਼ਟ ਇਜ਼ਲਾਸ ਵਿੱਚ ਕੋਰਮ ਪੂਰਾ ਸੀ ਤਾਂ ਅਸੀਂ ਸੱਚ ਮੰਨ ਕੇ ਕੇਸ ਵਾਪਸ ਲੈ ਲਵਾਂਗੇ ਜੁਡੀਸ਼ਲ ਕਮਿਸ਼ਨ ਨੇ ਕਿਹਾ ਕਿ ਜੇਕਰ ਇਹ ਝੂਠੀ ਕਸਮ ਖਾ ਗਏ ਤਾਂ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਜੇ ਇਹ ਝੂਠੀ ਕਸਮ ਵੀ ਖਾ ਲੈਣ ਅਸੀਂ ਤਾਂ ਵੀ ਯਕੀਨ ਕਰ ਲਵਾਂਗੇ ਜਦੋਂ ਜੁਡੀਸ਼ਲ ਕਮਿਸ਼ਨ ਨੇ ਮੁਲਾਜ਼ਮ ਸਤਪਾਲ ਸਿੰਘ ਡਾਚਰ ਨੂੰ ਪੁੱਛਿਆ ਕੇ ਉਹ ਨੇਮ ਦੇ ਕੇ ਕਹਿ ਸਕਦਾ ਹੈ ਕੇ 7 ਜਨਵਰੀ ਨੂੰ ਬਜ਼ਟ ਇਜਲਾਸ ਵਿੱਚ ਮੈਂਬਰਾਂ ਦਾ ਕੋਰਮ ਪੂਰਾ ਸੀ ਤਾਂ ਸਤਪਾਲ ਸਿੰਘ ਨੇ ਨੀਵੀਂ ਪਾ ਕੇ ਮਨਾ ਕਰ ਦਿੱਤਾ ਕੇ ਉਹ ਨੇਮ ਨਹੀਂ ਦੇ ਸਕਦਾ ਜਿਸ ਤੋਂ ਸਪਸ਼ਟ ਹੋ ਗਿਆ ਕੇ ਜਗਦੀਸ਼ ਸਿੰਘ ਝੂਠ ਬੋਲ ਕੇ ਸੰਗਤਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ ਹਰਿਆਣਾ ਸਿੱਖ ਗੁਰਦੁਆਰਾ ਜੁਡੀਸ਼ਲ ਕਮਿਸ਼ਨ ਵੱਲੋਂ 29 ਜਨਵਰੀ ਦੀ ਤਰੀਕ ਦਿੰਦਿਆਂ ਕਿਹਾ ਕੇ ਬਜ਼ਟ ਇਜਲਾਸ ਵਾਲੇ ਦਿਨ ਦਾ ਸਾਰਾ ਵੀਡੀਓ ਰਿਕਾਰਡ ਅਤੇ ਫੋਟੋਗਰਾਫੀ ਕੁਰੁਕਸ਼ੇਤਰ ਦੀਵਾਨ ਹਾਲ ਦੀ ਹਾਜ਼ਰ ਕੀਤੀ ਜਾਵੇ ਤੇ ਗੁਰਦੁਆਰਾ ਨਾਢਾ ਸਾਹਿਬ ਪੰਚਕੂਲਾ ਜਿੱਥੇ ਜਥੇਦਾਰ ਦਾਦੂਵਾਲ ਜੀ ਅਤੇ ਸਾਥੀਆਂ ਵੱਲੋਂ ਮੀਟਿੰਗ ਕੀਤੀ ਜਾ ਰਹੀ ਸੀ ਉੱਥੇ ਦੀ ਸੀਸੀ ਟੀਵੀ ਫੁਟੇਜ ਵੀ ਹਾਜ਼ਰ ਕੀਤੀ ਜਾਵੇ ਜੇਕਰ ਰਿਕਾਰਡ ਨਾਲ ਕੋਈ ਵੀ ਛੇੜਛਾੜ ਕੀਤੀ ਗਈ ਤਾਂ ਚੀਫ ਸਕੱਤਰ ਅਤੇ ਮੈਨੇਜ਼ਰ ਨਾਢਾ ਸਾਹਿਬ ਕਨੂੰਨੀ ਕਾਰਵਾਈ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ ਦੀਦਾਰ ਸਿੰਘ ਨਲਵੀ ਨੇ ਕਿਹਾ ਕੇ ਜੁਡੀਸ਼ਲ ਕਮਿਸ਼ਨ ਨੇ ਮੁਲਾਜ਼ਮਾਂ ਨੂੰ ਨਿਰਪੱਖ ਨੌਕਰੀ ਕਰਨ ਲਈ ਕਿਹਾ ਤੇ ਪ੍ਰਬੰਧਕ ਪਾਰਟੀ ਦਾ ਪੱਖ ਪੂਰਨ ਤੇ ਝਾੜ ਪਾਈ ਸਰਦਾਰ ਨਲਵੀ ਨੇ ਕਿਹਾ ਕੇ ਝੀਂਡਾ ਦੇ ਝੂਠ ਦਾ ਭਾਂਡਾ ਚੌਰਾਹੇ ਵਿੱਚ ਭੱਜ ਚੁੱਕਾ ਹੈ ਤੇ ਹੁਣ ਉਸਨੂੰ ਪ੍ਰਧਾਨਗੀ ਪਦ ਤੇ ਬਣੇ ਰਹਿਣ ਦਾ ਕੋਈ ਵੀ ਅਧਿਕਾਰ ਨਹੀਂ ਹੈ ਉਸ ਨੂੰ ਨੈਤਿਕਤਾ ਦੇ ਆਧਾਰ ਤੇ ਤੁਰੰਤ ਅਸਤੀਫ਼ਾ ਦੇਣਾ ਚਾਹੀਦਾ ਹੈ ਸਰਦਾਰ ਨਲਵੀ ਨੇ ਝੀਂਡਾ ਤੋਂ ਇਲਾਵਾ ਸਮੂੰਹ ਮੈਂਬਰ ਸਹਿਬਾਨਾਂ ਨੂੰ ਬੇਨਤੀ ਕਰਦੇ ਹੋਏ ਕਿਹਾ ਕੇ ਹੁਣ ਜਦੋਂ ਇਹ ਸਿੱਧ ਹੋ ਚੁੱਕਾ ਹੈ ਕੇ ਝੀਂਡਾ ਮਹਾਂ ਕੁਰੱਪਟ ਮਹਾਂ ਝੂਠਾ ਵਿਅਕਤੀ ਹੈ ਤਾਂ ਸਭ ਨੂੰ ਆਪਸੀ ਤਾਲਮੇਲ ਕਰਕੇ ਕਮੇਟੀ ਨੂੰ ਝੀਂਡਾ ਤੋਂ ਮੁਕਤ ਕਰਵਾਉਣਾ ਚਾਹੀਦਾ ਹੈ।

**ਹੁਣ ਦਫ਼ਤਰ ਰਿਕਾਰਡ ਵੇਖਣ ਦਾ ਹਰ ਕਮੇਟੀ ਮੈਂਬਰ ਨੂੰ ਹੋਵੇਗਾ ਅਧਿਕਾਰ - ਜੁਡੀਸ਼ੀਲ ਕਮਿਸ਼ਨ**

ਆਵਾਜ਼ਿ ਕੌਮ AWAZE QAUM International Newspaper & WEB TV

### ਮਸਤੂਆਣਾ ਮੈਡੀਕਲ ਕਾਲਜ ਤੇ ਸਰਕਾਰ ਅਤੇ ਸ਼੍ਰੋਮਣੀ ਕਮੇਟੀ ਵਿੱਚ ਟਕਰਾਅ ਬਹੁਤ ਹੀ ਨਿੰਦਣਯੋਗ

# ਮਾਮਲਾ ਅਦਾਲਤ 'ਚ ਸਰਕਾਰ ਕਰ ਰਹੀ ਹੈ ਲੋਕਾਂ ਨੂੰ ਗੁੰਮਰਾਹ : ਸਿੱਖ ਸਟੂਡੈਂਟਸ ਫੈਡਰੇਸ਼ਨ



**ਜੰਡਿਆਲਾ ਗੁਰੂ, 17 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਕੁਝ ਕੁ ਸਾਲ ਪਹਿਲਾਂ ਸਰਕਾਰ ਵੱਲੋਂ ਸੰਗਰੂਰ ਜ਼ਿਲ੍ਹੇ ਨਾਲ ਸਬੰਧਿਤ ਧਾਰਮਿਕ ਕੇਂਦਰ ਸ੍ਰੀ ਮਸਤੂਆਣਾ ਸਾਹਿਬ ਦੇ ਲਾਗੇ ਇਕ ਮੈਡੀਕਲ ਕਾਲਜ ਸਥਾਪਿਤ ਕਰਨ ਦੀ ਤਿਆਰੀ ਕੀਤੀ ਗਈ ਸੀ ਪਤਾ ਲੱਗਾ ਹੈ ਕਿ ਇਹ ਜ਼ਮੀਨ ਦਾਨੀਆਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਦਾਨ ਵਜੋਂ ਦਿੱਤੀ ਗਈ ਸੀ ਇਸ ਕਰਕੇ ਸਰਕਾਰ ਵੱਲੋਂ ਬਣਾਏ ਜਾ ਰਹੇ ਮਸਤੂਆਣਾ ਮੈਡੀਕਲ ਕਾਲਜ ਬਣਾਉਣ ਸਮੇਂ ਸਰਕਾਰ ਨੂੰ ਐਸ ਜੀ ਪੀ ਸੀ ਵੱਲੋਂ ਚੁਣੌਤੀ ਦਿੱਤੀ ਦੇ ਕੇ ਅਦਾਲਤ ਦਾ ਰੁੱਕ ਅਖਤਿਆਰ ਕਰਕੇ ਸਟੇਹ ਪ੍ਰਾਪਤ ਕਰ ਲਈ ਗਈ ਅਤੇ ਹੁਣ ਇਸ ਮੈਡੀਕਲ ਕਾਲਜ ਦੀ ਉਸਾਰੀ ਦਾ ਕੰਮ ਅਦਾਲਤ ਫ਼ੈਸਲੇ ਅਧੀਨ ਹੈ ਜਦੋਂ ਕਿ ਸਰਕਾਰ ਸਮੇਤ ਐਸ ਜੀ ਪੀ ਸੀ ਇਸ ਤੇ ਵੱਡੀ ਰਾਜਨੀਤੀ ਰਾਹੀਂ ਵਿਵਾਦ ਖੜਾ ਕਰਨ ਵਿੱਚ ਲੱਗੇ ਹੋਏ ਹਨ ਤਾਂ ਕਿ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਸਕੇ,ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਐਸ ਜੀ ਪੀ ਸੀ ਅਤੇ ਸਰਕਾਰ ਨੂੰ ਇਸ ਮੁੱਦੇ ਤੇ ਰਾਜਨੀਤੀ ਕਰਨ ਦੀ ਨਿੰਦਾ ਕਰਦੀ ਹੈ ਉਥੇ ਸਥਾਨਕ ਲੋਕਾਂ ਨੂੰ ਅਪੀਲ ਕਰਦੀ ਹੈ ਕਿ ਉਹ ਸਰਕਾਰ ਮਗਰ ਲੱਗ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਰੁੱਧ ਗ.ਲਤ ਪ੍ਰਚਾਰ ਰਾਹੀਂ ਲੋਕਾਂ ਨੂੰ ਗੁੰਮਰਾਹ ਕਰਨ ਵਾਲੀ ਨੀਤੀ ਨੂੰ ਛੱਡ ਦੇਣ,ਕਿਉਂਕਿ ਇਹ ਮਾਮਲਾ ਮਾਨਯੋਗ ਅਦਾਲਤ ਵਿੱਚ ਹੈਂ ਅਤੇ ਅਦਾਲਤ ਨੇ ਹੀ ਫੈਸਲਾ ਕਰਨਾ ਹੈ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਚੱਲ ਰਹੀ ਅਦਾਲਤੀ ਪ੍ਰਕਿਰਿਆ ਦੌਰਾਨ ਸਰਕਾਰ ਵੱਲੋਂ ਸਥਾਨਕ ਲੋਕਾਂ ਰਾਹੀਂ ਇੱਕ ਵੱਡਾ ਰੋਸ ਪ੍ਰਦਰਸ਼ਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਰੁੱਧ ਗ.ਲਤ ਪ੍ਰਚਾਰ ਕਰਨ ਅਤੇ ਅਦਾਲਤੀ ਫੈਸਲੇ ਦੀ ਤੌਹੀਨ ਕਰਨ ਵਾਲ਼ੀ ਨੀਤੀ ਦੀ ਨਿੰਦਾ ਅਤੇ ਸਥਾਨਕ ਲੋਕਾਂ ਨੂੰ ਇਸ ਮਾਮਲੇ ਤੇ ਰਾਜਨੀਤੀ ਨਾਂ ਕਰਨ ਦੀ ਬੇਨਤੀ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਭਾਈ ਖਾਲਸਾ ਨੇ ਆਖਿਆ ਮਸਤੂਆਣਾ ਮੈਡੀਕਲ ਕਾਲਜ ਜਦੋਂ ਤੋਂ ਬਣਨਾ ਸ਼ੁਰੂ ਹੋਇਆ ਓਦੋਂ ਤੋਂ ਐਸ ਜੀ ਪੀ ਸੀ ਨੇ ਇਸ ਤੇ ਇਤਰਾਜ਼ ਕਰਕੇ ਸਪਸ਼ਟ ਕੀਤਾ ਸੀ ਕਿ ਇਹ ਜ਼ਮੀਨ ਕਿਸਾਨ ਦਾਨੀਆਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕਮੇਟੀ ਨੂੰ ਦਾਨ 'ਚ ਦਿੱਤੀ ਗਈ ਸੀ ਅਤੇ ਸਰਕਾਰ ਸਾਨੂੰ ਬਿਨਾਂ ਕੁਝ ਦੱਸੇਂ ਪੁੱਛੇ ਇਥੇ ਕੇਵੇ ਮੈਡੀਕਲ ਕਾਲਜ ਬਣਾ ਸਕਦੀ ਹੈ ਭਾਈ ਖਾਲਸਾ ਨੇ ਦੱਸਿਆ ਮਸਤੂਆਣਾ ਸਾਹਿਬ ਵੱਲੋਂ ਪਵਿੱਤਰ ਹਰਮੰਦਰ ਸਾਹਿਬ ਦੀ ਨਕਲ ਤੇ ਬਣਾਏ ਜਾ ਰਹੇ ਨਕਲੀ ਹਰਮੰਦਰ ਸਾਹਿਬ ਬਣਾਉਣ ਨੂੰ ਲੈ ਕੇ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਹੀ ਆਪਣੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਇਸ ਤੇ ਰੋਕ ਲਗਾਈ ਸੀ ਅਤੇ ਇਸੇ ਹੀ ਤਰਜ਼ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮਸਤੂਆਣਾ ਮੈਡੀਕਲ ਕਾਲਜ ਦੀ ਉਸਾਰੀ ਤੇ ਅਦਾਲਤ ਵਿੱਚ ਸਰਕਾਰ ਨੂੰ ਚੁਣੌਤੀ ਹੀ ਨਹੀਂ ਕੀਤੀ ਸਗੋਂ ਅਦਾਲਤ ਤੋਂ ਸਟੇਹ ਪ੍ਰਾਪਤ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ ਅਤੇ ਅਦਾਲਤ ਨੇ ਮਸਤੂਆਣਾ ਮੈਡੀਕਲ ਕਾਲਜ ਬਣਾਉਣ ਤੇ ਰੋਕ ਲਾ ਦਿੱਤੀ ਅਤੇ ਅਗਲੇ ਹੁਕਮਾਂ ਤੱਕ ਇਹ ਰੋਕ ਜਾਰੀ ਰਹੇਗੀ ਭਾਈ ਖਾਲਸਾ ਨੇ ਕਿਹਾ ਹੁਣ ਇਹ ਮਾਮਲਾ ਅਦਾਲਤ ਅਧੀਨ ਚੱਲ ਰਿਹਾ ਹੈ,ਇਸ ਕਰਕੇ ਸਰਕਾਰ ਨੂੰ ਲੋਕਾਂ ਰਾਹੀਂ ਇਸ ਤੇ ਰਾਜਨੀਤੀ ਨਹੀਂ ਕਰਨੀ ਚਾਹੀਦੀ, ਕਿਉਂਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਦਾ ਕਹਿਣਾ ਹੈ ਕਿ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਦਾਨ ਤਾਂ ਜਦੋਂ ਮਰਜ਼ੀ ਜੇਹੜਾ ਮਰਜੀ ਦੇ ਸਕਦਾ ਹੈ ਪਰ ਪੰਜਾਬ ਸਰਕਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਜਬਰੀ ਦਾਨ ਕੇਵੇ ਲੈ ਸਕਦੀ ਹੈ, ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਮਸਤੂਆਣਾ ਮੈਡੀਕਲ ਕਾਲਜ ਤੇ ਰਾਜਨੀਤੀ ਕਰਨ ਦੀ ਜ਼ੋਰਦਾਰ ਸ਼ਬਦਾਂ ਵਿਚ ਨਿੰਦਾ ਕਰਦੀ ਹੋਈ ਸਰਕਾਰ ਨੂੰ ਬੇਨਤੀ ਕਰਦੀ ਹੈ ਕਿ ਅਦਾਲਤੀ ਹੁਕਮਾਂ ਦਾ ਇੰਤਜ਼ਾਰ ਕਰਨ ਦੀ ਲੋੜ ਤੇ ਜ਼ੋਰ ਦਿੱਤਾ ਜਾਵੇ ਅਤੇ ਬੇਲੋੜਾ ਗੈਰਕਾਨੂੰਨੀ ਢੰਗ ਨਾਲ ਸਥਾਨਕ ਲੋਕਾਂ ਰਾਹੀਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਰੁੱਧ ਰੋਸ ਪ੍ਰਦਰਸ਼ਨ ਕਰਕੇ ਲੋਕਾਂ ਨੂੰ ਗੁੰਮਰਾਹ ਕਰਨ ਵਾਲੇ ਵਰਤਾਰੇ ਨੂੰ ਬੰਦ ਕਰਨ ਦੀ ਮੰਗ ਕਰਦੀ ਹੋਈ ਇਸ ਤੇ ਰਾਜਨੀਤੀ ਤੁਰੰਤ ਬੰਦ ਕਰਨ ਦੀ ਬੇਨਤੀ ਕਰਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸਮਾਜ ਸੇਵਕਾਂ ਨੇ ਮਾਤਾ ਮਨਜੀਤ ਕੌਰ ਨੂੰ ਉਨ੍ਹਾਂ ਦੇ ਜਨਮ ਦਿਵਸ 'ਤੇ ਸ਼ਰਧਾਂਜਲੀ ਭੇਟ ਕੀਤੀ



**ਨਵੀਂ ਦਿੱਲੀ, 17 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**-ਨੈਸ਼ਨਲ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਪੰਮਾ ਦੀ ਮਾਤਾ ਸਵਰਗੀ ਮਾਤਾ ਮਨਜੀਤ ਕੌਰ ਦੇ ਜਨਮ ਦਿਵਸ 'ਤੇ, ਨੈਸ਼ਨਲ ਅਕਾਲੀ ਦਲ ਨੇ ਸਦਰ ਬਾਜ਼ਾਰ ਦੇ ਕੁਤੁਬ ਰੋਡ ਚੌਕ ਵਿਖੇ ਪ੍ਰਸ਼ਾਦ ਵੰਡ ਸਮਾਗਮ ਦਾ ਆਯੋਜਨ ਕੀਤਾ ਗਿਆ ।ਫੈਡਰੇਸ਼ਨ ਆਫ ਸਦਰ ਬਾਜ਼ਾਰ ਟਰੇਡਰਜ਼ ਐਸੋਸੀਏਸ਼ਨ ਦੇ ਪ੍ਰਧਾਨ ਰਾਕੇਸ਼ ਯਾਦਵ, ਖਜ਼ਾਨਚੀ ਦੀਪਕ ਮਿੱਤਲ, ਸਦਰ ਬਾਜ਼ਾਰ ਬਾਰੀ ਮਾਰਕੀਟ ਟਰੇਡਰਜ਼ ਐਸੋਸੀਏਸ਼ਨ ਦੇ ਸੀਨੀਅਰ ਉਪ ਪ੍ਰਧਾਨ ਵਰਿੰਦਰ ਆਰੀਆ, ਕੁਲਦੀਪ ਸਿੰਘ, ਉਪ ਪ੍ਰਧਾਨ ਪ੍ਰਦੀਪ ਸਚਦੇਵਾ, ਖਜ਼ਾਨਚੀ ਰਾਜੀਵ ਸੋਹਰ ਅਤੇ ਹੋਰ ਬਹੁਤ ਸਾਰੇ ਵਪਾਰੀਆਂ ਨੇ ਮਾਤਾ ਮਨਜੀਤ ਕੌਰ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਰਾਕੇਸ਼ ਯਾਦਵ ਨੇ ਕਿਹਾ ਕਿ ਸਰਦਾਰ ਪਰਮਜੀਤ ਸਿੰਘ ਪੰਮਾ ਦਾ ਸਮਾਜ ਸੇਵਾ ਪ੍ਰਤੀ ਜਨੂੰਨ ਮਾਤਾ ਮਨਜੀਤ ਕੌਰ ਦੀਆਂ ਸਿੱਖਿਆਵਾਂ ਦਾ ਸੱਚਾ ਪ੍ਰਤੀਬਿੰਬ ਹੈ, ਜਿਨ੍ਹਾਂ ਨੇ ਆਪਣੇ ਪਤੀ, ਜਥੇਦਾਰ ਤ੍ਰਿਲੋਚਨ ਸਿੰਘ ਦੀ ਮੌਤ ਤੋਂ ਬਾਅਦ, ਆਪਣੇ ਪੁੱਤਰ, ਪਰਮਜੀਤ ਸਿੰਘ ਪੰਮਾ ਨੂੰ ਸਮਾਜਿਕ ਅਤੇ ਧਾਰਮਿਕ ਕਾਰਜਾਂ ਵਿੱਚ ਲਗਾਇਆ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਚੰਨਣਕੇ ਵਿੱਚ ਨਵੀਂ ਬਣ ਰਹੀ ਇਮਾਰਤ ਸ. ਤਾਰਾ ਸਿੰਘ ਰੰਧਾਵਾ ਦੀ ਯਾਦ ਵਿੱਚ ਸਰਕਾਰੀ ਡਿਸਪੈਂਸਰੀ ਦਾ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਵੱਲੋਂ ਨਿਰੀਖਣ



**ਚੌਕ ਮਹਿਤਾ, 17 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿੰਡ ਚੰਨਣਕੇ ਦੀ ਨਵੀਂ ਬਣ ਰਹੀ ਸਰਕਾਰੀ ਸ,ਤਾਰਾ ਸਿੰਘ ਰੰਧਾਵਾ ਦੀ ਯਾਦ ਵਿੱਚ ਨਵੀਂ ਬਣ ਰਹੀ ਇਮਾਰਤ ਵਾਸਤੇ ਸੈਂਟਰ ਸਰਕਾਰ ਵੱਲੋਂ ਆਈ ਤਕਰੀਬਨ 25 ਲੱਖ ਦੀ ਗ੍ਰਾਂਟ ਦਾ ਕੰਮ ਆਰੰਭ ਹੋ ਚੁੱਕਾ ਹੈ ਇਸ ਮੌਕੇ ਤੇ ਨਵੀ ਬਣ ਰਹੀ ਇਮਾਰਤ ਦਾ ਨੀਰਖਣ ਕਰਦੇ ਹੋਏ ਇਸ ਮੌਕੇ ਤੇ ਸਰਪੰਚ ਕੁਲਵਿੰਦਰ ਸਿੰਘ ਮਿਠਾ।ਠੇਕੇਦਾਰ ਨੂੰ ਹਦਾਇਤ ਕੀਤੀ, ਇਸ ਨਵੀ ਬਣ ਰਹੀ ਇਮਾਰਤ ਵਿੱਚ ਇਟ, ਸੀਮਿੰਟ,ਰੇਤ,ਬੱਜਰੀ , ਅਤੇ ਸਰੀਆ ਵੱਧੀਆਂ ਅਤੇ ਪੂਰਾ ਚੰਗਾ ਸਮਾਨ ਵਰਤਿਆ ਜਾਵੇ, ਇਸ ਮੌਕੇ ਤੇ ਸਰਪੰਚ ਕੁਲਵਿੰਦਰ ਸਿੰਘ ਮਿਠਾ ਨੇ ਸੈਂਟਰ ਸਰਕਾਰ ਦਾ ਧੰਨਵਾਦ ਕੀਤਾ।ਸਰਪੰਚ ਕੁਲਵਿੰਦਰ ਸਿੰਘ ਮਿਠਾ ਨੇ ਕਿਹਾ ਕਿ ਇਹ ਸਰਕਾਰੀ ਡਿਸਪੈਂਸਰੀ ਦਾ ਲਾਭ ਤਕਰੀਬਨ ਕਾਫੀ ਪਿੰਡਾਂ ਦੇ ਲੋਕ ਲੈਂਦੇ ਹਨ। ਅਤੇ ਬਹੁਤ ਵਧੀਆ ਸਟਾਫ਼ ਸਮੇਂ ਸਿਰ ਹਾਜਰ ਰਹਿੰਦੇ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਨੂੰ ਬੇਨਤੀ ਕੀਤੀ ਹੈ ਕਿ ਲੋੜੀਂਦੀਆਂ ਦਵਾਈਆਂ ਭੇਜੀਆਂ ਜਾਣ ਤਾਂ ਕਿ ਲੋੜਵੰਦ ਲੋਕਾਂ ਨੂੰ ਫਾਇਦਾ ਹੋ ਸਕੇ।ਪਿੰਡ ਚੰਨਣਕੇ ਦੇ ਨੋਜਵਾਨ ਸਰਪੰਚ ਕੁਲਵਿੰਦਰ ਸਿੰਘ ਮਿਠਾ ਅਤੇ ਉਨ੍ਹਾਂ ਦੇ ਨਾਲ ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ, ਮੈਡੀਕਲ ਅਫ਼ਸਰ ਡਾਕਟਰ ਗੁਰਜੀਤ ਸਿੰਘ ਢਿੱਲੋਂ, ਡਾਕਟਰ ਰਵਦੀਪ ਸਿੰਘ ਬੁੱਟਰ, ਠੇਕੇਦਾਰ ਅਜ਼ੀਤ ਸਿੰਘ, ਜਸਵੰਤ ਸਿੰਘ ਅਤੇ ਹੋਰ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਭਿੰਦਾ ਵਿਰਕ ਬਣੇ ਤੀਰਥ ਯਾਤਰਾ ਦੇ ਹਲਕਾ ਧੂਰੀ ਦੇ ਕੋਆਰਡੀਨੇਟਰ



**ਸੰਗਾਲਾ ( ਰਣਜੀਤ ਸਿੰਘ ਪੇਧਨੀ )** : ਆਮ ਆਦਮੀ ਪਾਰਟੀ ਵੱਲੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਭੁਪਿੰਦਰ ਸਿੰਘ ਛਿੰਦਾ ਵਿਰਕ ਨੂੰ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਤੀਰਥ ਯਾਤਰਾ ਦਾ ਹਲਕਾ ਧੂਰੀ ਦਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ। ਤੀਰਥ ਯਾਤਰਾ ਦਾ ਹਲਕਾ ਧੂਰੀ ਦਾ ਕੋਆਰਡੀਨੇਟਰ ਨਿਯੁਕਤ ਹੋਣ ਤੇ ਭੁਪਿੰਦਰ ਸਿੰਘ ਭਿੰਦਾ ਵਿਰਕ ਨੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਦਫ਼ਤਰ ਧੂਰੀ ਦੇ ਇੰਚਾਰਜ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਅਤੇ ਮੁੱਖ ਮੰਤਰੀ ਦਫ਼ਤਰ ਧੂਰੀ ਦੇ ਇੰਚਾਰਜ ਚੇਅਰਮੈਨ ਸਿੰਘ ਦਲਵੀਰ ਢਿੱਲੋਂ ਸਮੇਤ ਸਮੁੱਚੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਇਮਾਨਦਾਰੀ ਤਨਦੇਹੀ ਪੂਰੀ ਅਤੇ ਨਾਲ ਨਿਭਾਉਣਗੇ ਅਤੇ ਹਲਕੇ ਦੇ ਲੋਕਾਂ ਨੂੰ ਮੁੱਖ ਮੰਤਰੀ ਤੀਰਥ ਯਾਤਰਾ ਸਬੰਧੀ ਜਾਗਰੂਕ ਕਰਨਗੇ ਤਾਂ ਕਿ ਜੋ ਲੋਕ ਆਰਥਿਕ ਕਮਜ਼ੋਰੀ ਕਾਰਨ ਧਾਰਮਿਕ ਸਥਾਨਾਂ ਦੇ ਦਰਸ਼ਨ ਨਹੀਂ ਕਰ ਸਕਦੇ ਉਹ ਉਨ੍ਹਾਂ ਨੂੰ ਵੱਖ ਵੱਖ ਧਾਰਮਿਕ ਸਥਾਨਾਂ ਤੇ ਤੀਰਥ ਯਾਤਰਾ ਰਾਹੀਂ ਦਰਸਨ ਕਰਵਾਉਣ ਵਿੱਚ ਅਹਿਮ ਰੋਲ ਅਦਾ ਕਰਨਗੇ ।

ਆਵਾਜ਼ਿ ਕੌਮ AWAZE QAUM International Newspaper & WEB TV

www.awazeqaumtv.com
ਐਤਵਾਰ, 18 ਜਨਵਰੀ 2026
ਲੰਡਨ (ਯੂ. ਕੇ.)
ਆਵਾਜ਼ਿ ਕੌਮ AWAZE QAUM

### ਅਜ਼ਰਬਾਈਜਾਨ ਦੀ ਰਾਜਧਾਨੀ ਬਾਕੂ ਵਿਖੇ ਭਾਰਤ ਵਿੱਚ

# ਸਿੱਖ ਘੱਟ ਗਿਣਤੀ ਵਿਰੁੱਧ ਹਿੰਸਾ ’ਤੇ ਕੇਂਦ੍ਰਿਤ ਇੱਕ-ਰੋਜ਼ਾ ਕਾਨਫਰੰਸ




**ਨਵੀਂ ਦਿੱਲੀ, 17 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-** ਅਜ਼ਰਬਾਈਜਾਨ ਦੀ ਰਾਜਧਾਨੀ ਬਾਕੂ ਵਿੱਚ ਭਾਰਤ ਵਿੱਚ ਸਿੱਖ ਘੱਟ ਗਿਣਤੀ ਵਿਰੁੱਧ ਹਿੰਸਾ ’ਤੇ ਕੇਂਦ੍ਰਿਤ ਇੱਕ ਇੱਕ-ਰੋਜ਼ਾ ਕਾਨਫਰੰਸ ਹੋਈ । ਇਹ ਕਾਨਫਰੰਸ ਇੱਕ ਐਨਜੀਓ, ਬਾਕੂ ਇਨੀਸ਼ੀਏਟਿਵ ਗਰੁੱਪ ਦੁਆਰਾ ਆਯੋਜਿਤ ਕੀਤੀ ਗਈ ਸੀ ਜਿਸਨੇ ਕਾਨਫਰੰਸ ਵਿੱਚ ਐਲਾਨ ਕੀਤਾ ਸੀ ਕਿ ਇਸਦੇ 20 ਤੋਂ ਵੱਧ ਦੇਸ਼ਾਂ ਅਤੇ ਵਿਦੇਸ਼ੀ ਪ੍ਰਦੇਸ਼ਾਂ ਅਤੇ 25 ਤੋਂ ਵੱਧ ਅੰਤਰਰਾਸ਼ਟਰੀ ਸੰਗਠਨਾਂ ਅਤੇ ਸੰਸਥਾਵਾਂ ਨਾਲ ਸਹਿਯੋਗ ਸਬੰਧ ਹਨ। ਇਸ ਕਾਨਫਰੰਸ ਨੇ ਵੱਖ-ਵੱਖ ਦੇਸ਼ਾਂ ਦੇ ਸਿੱਖ ਪ੍ਰਤੀਨਿਧੀਆਂ, ਸਿੱਖਿਆ ਸ਼ਾਸਤਰੀਆਂ, ਵਿਦਿਆਰਥੀਆਂ, ਕਾਨੂੰਨੀ ਮਾਹਰਾਂ ਅਤੇ ਸਿਵਲ ਸੋਸਾਇਟੀ ਸੰਗਠਨਾਂ ਦੇ ਪ੍ਰਤੀਨਿਧੀਆਂ ਨੂੰ ਇਕੱਠਾ ਕੀਤਾ।

ਕਾਨਫਰੰਸ ਸ਼ੁਰੂ ਹੋਣ ਤੋਂ ਪਹਿਲਾਂ ਭਾਗੀਦਾਰਾਂ ਅਤੇ ਮੀਡੀਆ ਨੂੰ ਜੂਨ 1984 ਵਿੱਚ ਸਿੱਖ ਨਸਲਕੁਸ਼ੀ ’ਤੇ ਇੱਕ ਪ੍ਰਦਰਸ਼ਨੀ ਰਾਹੀਂ ਅਗਵਾਈ ਕੀਤੀ ਗਈ ਅਤੇ ਸਿੱਖ ਧਰਮ ਦੇ ਲੇਖਾਂ ਬਾਰੇ ਜਾਣਕਾਰੀ ਦਿੱਤੀ ਗਈ ਸੀ ।ਕਾਨਫਰੰਸ ਦੀ ਸ਼ੁਰੂਆਤ ਬਾਕੂ ਇਨੀਸ਼ੀਏਟਿਵ ਗਰੁੱਪ ਦੇ ਕਾਰਜਕਾਰੀ ਨਿਰਦੇਸ਼ਕ ਅੱਬਾਸ ਅੱਬਾਸੋਵ ਨੇ ਭਾਰਤੀ ਰਾਜ ਹਿੰਸਾ ਅਤੇ ਅੱਤਵਾਦ ਦੇ ਸਿੱਖ ਪੀੜਤਾਂ ਲਈ ਇੱਕ ਮਿੰਟ ਦਾ ਮੌਨ ਰੱਖਣ ਦੇ ਸੱਦੇ ਨਾਲ ਕੀਤੀ, ਜਿਸ ਵਿੱਚ ਜੂਨ 2023 ਵਿੱਚ ਕੈਨੇਡਾ ਵਿੱਚ ਸ਼ਹੀਦ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਦਾ ਖਾਸ ਜ਼ਿਕਰ ਕੀਤਾ ਗਿਆ ਸੀ। ਇਸ ਕਾਨਫਰੰਸ ਦੀ ਸਹੂਲਤ ਸਿੱਖ ਫੈਡਰੇਸ਼ਨ ਇੰਟਰਨੈਸ਼ਨਲ ਦੁਆਰਾ ਯੂਕੇ ਅਤੇ ਕੈਨੇਡਾ ਦੇ ਮੁੱਖ ਸਿੱਖ ਬੁਲਾਰਿਆਂ ਨਾਲ ਕੀਤੀ ਗਈ ਸੀ। ਅੱਬਾਸ ਅੱਬਾਸੋਵ ਨੇ ਕਾਨਫਰੰਸ ਦਾ ਸ਼ਾਨਦਾਰ ਢੰਗ ਨਾਲ ਸੰਚਾਲਨ ਕੀਤਾ ਅਤੇ ਪਾਕਿਸਤਾਨ ਵਿੱਚ ਪੰਜਾਬ ਸਰਕਾਰ ਵਿੱਚ ਮਨੁੱਖੀ ਅਧਿਕਾਰਾਂ ਅਤੇ ਧਾਰਮਿਕ ਮਾਮਲਿਆਂ ਦੇ ਮੰਤਰੀ ਰਮੇਸ਼ ਸਿੰਘ ਅਰੋੜਾ ਨੂੰ ਮਹਿਮਾਨ ਬੁਲਾਰੇ ਵਜੋਂ ਪੇਸ਼ ਕੀਤਾ ਗਿਆ ਸੀ । ਇਸ ਕਾਨਫਰੰਸ ਵਿਚ ਹਿੱਸਾ ਲੈਣ ਵਾਲੇ ਪੰਜ ਸਿੱਖ ਬੁਲਾਰੇ, ਭਾਈ ਦਬਿੰਦਰਜੀਤ ਸਿੰਘ, ਭਾਈ ਜਸਵਿੰਦਰ ਸਿੰਘ ਅਤੇ ਭਾਈ ਰਣਵੀਰ ਸਿੰਘ, ਸਾਰੇ ਯੂਕੇ ਤੋਂ ਅਤੇ ਭਾਈ ਪ੍ਰਭਜੋਤ ਸਿੰਘ ਅਤੇ ਭਾਈ ਮੋਨਿੰਦਰ ਸਿੰਘ, ਦੋਵੇਂ ਕੈਨੇਡਾ ਤੋਂ ਸਨ। ਅੱਬਾਸੋਵ ਨੇ ਬਾਕੂ ਇਨੀਸ਼ੀਏਟਿਵ ਗਰੁੱਪ ਅਤੇ ਸਿੱਖ ਫੈਡਰੇਸ਼ਨ ਇੰਟਰਨੈਸ਼ਨਲ ਦਾ ਇੱਕ ਸਾਂਝਾ ਬਿਆਨ ਪੜ੍ਹਿਆ ਜਿਸ ਵਿੱਚ ਅੰਤਰਰਾਸ਼ਟਰੀ ਭਾਈਚਾਰੇ ਨੂੰ ਭਾਰਤ ਵਿੱਚ ਸਿੱਖਾਂ ਨੂੰ ਨਿਸ਼ਾਨਾ ਬਣਾ ਕੇ ਕੀਤੀ ਜਾ ਰਹੀ ਹਿੰਸਾ ਅਤੇ ਵਿਤਕਰੇ ਵਿਰੁੱਧ ਫੈਸਲਾਕੁੰਨ ਕਾਰਵਾਈ ਕਰਨ ਦੀ ਅਪੀਲ ਕੀਤੀ ਗਈ। ਬਿਆਨ ਵਿੱਚ ਦੁਨੀਆ ਭਰ ਦੀਆਂ ਸਰਕਾਰਾਂ, ਸਿਵਲ ਸੋਸਾਇਟੀ ਸੰਗਠਨਾਂ ਅਤੇ ਅੰਤਰਰਾਸ਼ਟਰੀ ਸੰਸਥਾਵਾਂ ਨੂੰ ਇਨਸਾਫ਼ ਅਤੇ ਆਜ਼ਾਦੀ ਦੀ ਪ੍ਰਾਪਤੀ ਵਿੱਚ ਸਿੱਖਾਂ ਲਈ ਏਕਤਾ ਦਾ ਪ੍ਰਦਰਸ਼ਨ ਕਰਨ ਲਈ ਵੀ ਕਿਹਾ ਗਿਆ ਹੈ। ਇਹ ਸਪੱਸ਼ਟ ਹੈ ਕਿ ਦੇਸ਼ ਅਤੇ ਅੰਤਰਰਾਸ਼ਟਰੀ ਸੰਗਠਨ ਇਹ ਸਮਝਣ ਵਿੱਚ ਵੱਧ ਰਹੇ ਹਨ ਕਿ ਪਿਛਲੇ ਤਿੰਨ ਸਾਲਾਂ ਵਿੱਚ ਭਾਰਤੀ ਅਧਿਕਾਰੀ ਖਾਲਿਸਤਾਨ ਲਈ ਮੁਹਿੰਮ ਚਲਾ ਰਹੇ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾ ਕੇ ਅੰਤਰਰਾਸ਼ਟਰੀ ਦਮਨ ਵਿੱਚ ਕਿਉਂ ਸ਼ਾਮਲ ਹੋ ਰਹੇ ਹਨ। ਇਸ ਗੱਲ ਵਿੱਚ ਵੱਡੀ ਵਿਸ਼ਵਵਿਆਪੀ ਦਿਲਚਸਪੀ ਹੈ ਕਿ ਭਾਰਤ ਸਰਕਾਰ ਖਾਲਿਸਤਾਨ ਲਈ ਮੁਹਿੰਮ ਚਲਾ ਰਹੇ ਸਿੱਖ ਡਾਇਸਪੋਰਾ ਤੋਂ ਡਰਦੀ ਹੈ ਕਿ ਉਸਨੂੰ ਲੱਗਦਾ ਹੈ ਕਿ ਅਮਰੀਕਾ, ਕੈਨੇਡਾ, ਯੂਕੇ, ਆਸਟ੍ਰੇਲੀਆ ਅਤੇ ਕਈ ਯੂਰਪੀਅਨ ਦੇਸ਼ਾਂ ਵਰਗੇ ਦੇਸ਼ਾਂ ਦੇ ਕਾਨੂੰਨ ਦੇ ਰਾਜ ਅਤੇ ਪ੍ਰਭੂਸੱਤਾ ਨੂੰ ਚੁਣੌਤੀ ਦੇਣ ਵਿੱਚ ਇੱਕ ਵੱਡਾ ਜੋਖਮ ਲੈਣਾ ਜ਼ਰੂਰੀ ਹੈ। ਇਸ ਲਈ ਇਹ ਕਾਨਫਰੰਸ ਅੰਤਰਰਾਸ਼ਟਰੀ ਪੱਧਰ ’ਤੇ ਬਹੁਤ ਸਾਰੇ ਸਮਾਨ ਸਮਾਗਮਾਂ ਵਿੱਚੋਂ ਪਹਿਲੀ ਹੋਣ ਦੀ ਉਮੀਦ ਹੈ।

### ਅੰਤਰਰਾਸ਼ਟਰੀ ਕਾਨਫਰੰਸ ਨੇ ਸੁਤੰਤਰ ਸਿੱਖ ਰਾਜ, ਖਾਲਿਸਤਾਨ ਲਈ ਸਿੱਖ ਸੰਘਰਸ਼ ਦਾ ਕੀਤਾ ਸਮਰਥਨ

ਆਵਾਜ਼ਿ ਕੌਮ AWAZE QAUM International Newspaper & WEB TV

# ਮਨਦੀਪ ਸਿੰਘ ਮਾਨ ਬਣੇ ਆਪ ਦੇ ਜਿਲ੍ਹਾ ਮੀਡੀਆ ਇੰਚਾਰਜ, ਹਾਈ ਕਮਾਂਡ ਦਾ ਕੀਤਾ ਧੰਨਵਾਦ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਾਰਟੀ ਪ੍ਰਤੀ ਕੀਤੀਆ ਜਾ ਰਹੀਆਂ ਸੇਵਾਵਾਂ ਨੂੰ ਦੇਖਦਿਆਂ ਹੋਇਆਂ ਮਨਦੀਪ ਸਿੰਘ ਮਾਨ ਨੂੰ ਜਿਲ੍ਹਾ ਮੀਡੀਆ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਮਨਦੀਪ ਮਾਨ ਨੇ ਕਿਹਾ ਕਿ ਉਹ ਪਾਰਟੀ ਵੱਲੋਂ ਮਿਲੀ ਜਿੰਮੇਵਾਰੀ ਨੂੰ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ,ਪਾਰਟੀ ਦੇ ਲਈ ਪਹਿਲਾਂ ਵਾਂਗ ਦਿਨ ਰਾਤ ਮਿਹਨਤ ਕਰਕੇ ਪਾਰਟੀ ਨੂੰ ਉਚਾਈਆਂ ਤੱਕ ਲੈ ਕੇ ਜਾਣ ਦੇ ਲਈ ਆਪਣਾ ਅਹਿਮ ਯੋਗਦਾਨ ਪਾਉਣਗੇ । ਉਹਨਾਂ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ,ਮੁੱਖ ਮੰਤਰੀ ਦੇ ਓਐਸਡੀ ਸੁਖਬੀਰ ਸਿੰਘ ਸੁੱਖੀ, ਰਾਜਵੰਤ ਸਿੰਘ ਘੁੱਲੀ ਦਫ਼ਤਰ ਇੰਚਾਰਜ ਮੁੱਖ ਮੰਤਰੀ, ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ,ਆਪ ਆਗੂ ਅਮਰਦੀਪ ਸਿੰਘ ਧਾਦਰਾਂ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ ਜਿਨਾਂ ਨੇ ਪਾਰਟੀ ਪ੍ਰਤੀ ਸੇਵਾਵਾਂ ਨੂੰ ਦੇਖਦਿਆਂ ਹੋਇਆਂ ਮੈਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਹੈ।

# ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਸੇਖਾਂ ਜਲੂਰ ਵਿਖੇ ਮਹਾਨ ਗੁਰਮਤਿ ਸਮਾਗਮ 22 , 23 ਨੂੰ ਸੰਤ ਬਾਬਾ ਭਰਪੂਰ ਸਿੰਘ ਸੇਖਾਂ ਜਲੂਰ



ਸੰਗਾਲਾ/ਧੂਰੀ ( ਰਣਜੀਤ ਸਿੰਘ ਪੇਧਨੀ ) ਮਹਾਨ ਤਪੱਸਵੀ, ਬ੍ਰਹਮ ਗਿਆਨੀ, ਰਾਜਾਯੋਗੀ ਸੱਚਖੰਡ ਵਾਸੀ ਸ਼੍ਰੀਮਾਨ ਸੰਤ ਬਾਬਾ ਨਰੈਣ ਸਿੰਘ ਜੀ ਮੋਨੀ ਤਪਾ ਦਰਾਜ ਮੁਹਾਲੀ ਵਾਲਿਆਂ ਦੀ ਨਿੱਘੀ ਤੇ ਮਿੱਠੀ ਯਾਦ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 22 ,23 ਜਨਵਰੀ ਨੂੰ ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਸੇਖਾਂ ਜਲੂਰ ਵਿਖੇ ਸੰਤ ਬਾਬਾ ਭਰਪੂਰ ਸਿੰਘ ਸੇਖਾਂ ਜਲੂਰ ਵਾਲਿਆਂ ਦੀ ਸਰਪ੍ਰਸਤੀ ਹੇਠ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਸੇਖਾਂ ਜਲੂਰ ਵਾਲਿਆਂ ਦੇ ਮੁੱਖ ਸੇਵਾਦਾਰ ਸੰਤ ਬਾਬਾ ਭਰਪੂਰ ਸਿੰਘ ਸੇਖਾਂ ਜਲੂਰ ਵਾਲਿਆਂ ਨੇ ਕੀਤਾ। ਉਨ੍ਹਾਂ ਕਿਹਾ ਕਿ ਬਾਬਾ ਜੀ ਦੀ ਨਿੱਘੀ ਮਿੱਠੀ ਯਾਦ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ ਕੀਤੇ ਜਾਣਗੇ, ਜਿਨ੍ਹਾਂ ਦੇ 22 , 23 ਜਨਵਰੀ ਨੂੰ ਭੋਗ ਪੈਣਗੇ। ਭੋਗ ਉਪਰੰਤ ਮਹਾਨ ਤਪੱਸਵੀ, ਬ੍ਰਹਮ ਗਿਆਨੀ, ਰਾਜਾਯੋਗੀ ਸੱਚਖੰਡ ਵਾਸੀ ਸ਼੍ਰੀਮਾਨ ਸੰਤ ਬਾਬਾ ਨਰੈਣ ਸਿੰਘ ਜੀ ਮੋਨੀ ਤਪਾ ਦਰਾਜ ਮੁਹਾਲੀ ਵਾਲਿਆਂ ਦੀ ਨਿੱਘੀ ਤੇ ਮਿੱਠੀ ਯਾਦ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 22 , 23 ਜਨਵਰੀ ਨੂੰ ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਸੇਖਾਂ ਜਲੂਰ ਵਿਖੇ ਹੋਵੇਗਾ । ਜਿਸ ਵਿੱਚ ਪੰਥ ਦੇ ਮਹਾਨ ਰਾਗੀ ਢਾਡੀ ਸੰਤ ਮਹਾਪੁਰਸ ਸੰਗਤਾਂ ਨੂੰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੋੜਨਾ ਕਰਨਗੇ।

## ਧੰਨ ਧੰਨ ਬਾਬੇ ਸਿੰਘ ਸ਼ਹੀਦਾਂ ਦੇ ਅਸਥਾਨ ਚੂਹਾਣੇ ਕਲਾਂ ਵਿਖੇ ਅੰਮ੍ਰਿਤ ਸੰਚਾਰ 26 ਨੂੰ



**ਮਾਲੇਰਕੋਟਲਾ (ਰਣਜੀਤ ਸਿੰਘ ਪੇਧਨੀ)**-ਧੰਨ ਧੰਨ ਬਾਬੇ ਸਿੰਘ ਸ਼ਹੀਦ ਸੇਵਾ ਐਂਡ ਵੈਲਫੇਅਰ ਸੁਸਾਇਟੀ (ਰਜਿ:),: ਬਾਬਾ ਕੁਲਵਿੰਦਰ ਸਿੰਘ ਨੌਜਵਾਨ ਸਭਾ ਅਤੇ ਸਮੂਹ ਨਗਰ ਨਿਵਾਸੀ ਸੰਗਤ ਪਿੰਡ ਅਬਦੁੱਲਾਪੁਰ (ਚੂਹਾਣੇ ਕਲਾਂ) ਅਤੇ ਧੰਨ ਧੰਨ ਬਾਬੇ ਸਿੰਘ ਸ਼ਹੀਦ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਕੁਲਵਿੰਦਰ ਸਿੰਘ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ 26 ਜਨਵਰੀ ਦਿਨ ਸੋਮਵਾਰ ਨੂੰ ਸਵੇਰੇ 9-00 ਵਜੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ (ਜਿਲ੍ਹਾ ਬਠਿੰਡਾ) ਤੋਂ ਪੰਜ ਪਿਆਰੇ ਸਾਹਿਬਾਨਾਂ ਦਾ ਜੱਥਾ ਅੰਮ੍ਰਿਤ ਛੱਕਣ ਵਾਲੇ ਪ੍ਰਾਣੀਆਂ ਨੂੰ ਅੰਮ੍ਰਿਤ ਛਕਾਉਣ ਦੇ ਲਈ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। ਅੰਮ੍ਰਿਤ ਛੱਕਣ ਵਾਲੇ ਪ੍ਰਾਣੀਆਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵੱਲੋਂ ਕਕਾਰ ਭੇਟਾ ਰਹਿਤ ਦਿੱਤੇ ਜਾਣਗੇ, ਜਿਹੜੇ ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ, ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨੀ ਹੋਵੇ, ਉਹ ਪ੍ਰਾਣੀ ਗੁ. ਧੰਨ ਧੰਨ ਬਾਬੇ ਸਿੰਘ ਸ਼ਹੀਦ ਵੱਡਾ ਘੱਲੂਘਾਰਾ ਪਿੰਡ ਅਬਦੁੱਲਾਪੁਰ ਚੂਹਾਣੇ ਕਲਾਂ (ਮਲੇਰਕੋਟਲਾ) ਵਿਖੇ ਕੇਸ਼ੀ ਇਸ਼ਨਾਨ ਕਰਕੇ ਸੁਚੇ ਬਸਤਰ ਪਹਿਣ ਕੇ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।

## ਬਰਤਾਨੀਆ ਦੇ ਗੁਰੂਘਰ ’ਚ ਹੋਈ ਬੇਅਬਦੀ ਵਾਲੀ ਘਟਨਾ ਨਿੰਦਣਯੋਗ : ਇੰਟਰਨੈਸਨਲ ਸੰਤ ਸਮਾਜ ਸੰਤ ਸਮਸੇਰ ਸਿੰਘ ਜੁਗੇੜੇ ਵਾਲੇ



ਜੰਡਿਆਲਾ ਗੁਰੂ 17 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਇੰਟਰਨੈਸਨਲ ਸੰਤ ਸਮਾਜ ਰਜਿਸਰਟਡ ਦੇ ਪਰਧਾਨ ਸੰਤ ਸਮਸੇਰ ਸਿੰਘ ਜੁਗੇੜੇ ਵਾਲੇ ਤੇ ਜਨਰਲ ਸਕਤਰ ਸੰਤ ਸੁਖਵਿੰਦਰ ਸਿੰਘ ਫਿਲੌਰ ਨੇ ਇਕ ਸਾਝੇ ਲਿਖਤੀ ਪਰੈਸ ਬਿਆਨ ਰਾਹੀ ਬਰਤਾਨੀਆ ਦੇ ਗੁਰਦੁਵਾਰੇ ’ਚ ਕਿਸੇ ਸਿਰਫਿਰੇ ਵਲੋ ਕਚਾ ਮਾਸ ਸੁਟਕੇ ਬੇਅਬਦੀ ਕਰਨ ਵਾਲੀ ਘਟਨਾ ਦੀ ਜੋਰਦਾਰ ਸਬਦਾ ਨਿੰਦਾ ਕਰਦਿਆ ਸਰੋਮਣੀ ਗੁਰਦੁਵਾਰਾ ਪਰਬੰਧਕ ਕਮੇਟੀ ਪਰਧਾਨ ਅਤੇ ਜਥੇਦਾਰ ਅਕਾਲਤਖਤ ਸਾਹਿਬ ਤੋ ਮੰਗ ਕੀਤੀ ਕਿ ਉਹ ਇਸ ਘਟਨਾ ਦਾ ਸਖਤ ਨੋਟਿਸ ਲੈਂਦੇ ਉਥੇ ਦੀ ਸਰਕਾਰ ਨਾਲ ਰਾਬਤਾ ਕਾਇਮ ਕਰਕੇ ਦੋਸੀ ਤੇ ਸਖਤ ਤੋ ਸਖਤ ਕਾਨੂੰਨੀ ਕਾਰਵਾਈ ਕਰਵਾਉਣ ਕਿਉਕਿ ਇਸ ਘਟਨਾ ਕਰਕੇ ਸਿਖ ਧਰਮੀਆ ਦੀਆ ਭਾਵਨਾਵਾ ਨੂੰ ਗਹਿਰੀ ਠੇਸ ਪਹੁਚੀ ਹੈ ਇਸ ਸਬੰਧੀ ਪਰੈਸ ਨੂੰ ਜਾਣਕਾਰੀ ਆਲ ਇੰਡੀਆ ਸਿਖ ਸਟੂਡੈਟਸ ਫੈਡਰੇਸਨ ਖਾਲਸਾ ਦੇ ਕੌਮੀ ਪਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸੰਤ ਸਮਸੇਰ ਸਿੰਘ ਜੁਗੇੜੇ ਵਾਲਿਆ ਨਾਲ ਗਲਬਾਤ ਕਰਨ ਤੋ ਉਪਰੰਤ ਇਕ ਲਿਖਤੀ ਪਰੈਸ ਰਾਹੀ ਦਿਤੀ , ਭਾਈ ਖਾਲਸਾ ਨੇ ਦਸਿਆ ਇਹਨਾ ਦੋਹਾ ਸੰਤ ਸਮਾਜ ਦੇ ਆਗੂਆ ਨੇ ਦੋਸ ਲਾਇਆ ਅਜਿਹੀਆ ਬੇਅਬਦੀ ਦੀਆ ਘਟਨਾਵਾ ਹੁਣ ਦੇਸ ਦੇ ਬਾਹਰ ਬਾਹਰਲੇ ਮੁਲਕਾ ਵਿਚ ਹੋਣੀਆ ਸਿਖ ਕੌਮ ਲਈ ਗਹਿਰੀ ਚਿਤਾ ਦਾ ਵਿਸਾ ਤੇ ਵਡੀ ਚੁਣੌਤੀ ਬਣ ਗਿਆ ਹੈ,ਇੰਨਾ ਕਿਹਾ ਇਹ ਘਟਨਾਵਾ ਪਿਛੇ ਕੀ ਭਾਵਨਾਵਾ ਤੇ ਕਿਸ ਦਾ ਹਥ ਹੈ ਪਤਾ ਲਾਉਣਾ ਸਿਖ ਕੌਮ ਦੇ ਲੋਕਾ ਦੀ ਮੰਗ ਹੈ ਅਤੇ ਲੋਕਾ ਦੀਆ ਭਾਵਨਾਵਾ ਨੂੰ ਮੁਖ ਰਖਦਿਆ ਸਰੋਮਣੀ ਗੁਰਦੁਵਾਰਾ ਪਰਬੰਧਕ ਕਮੇਟੀ ਬਰਤਾਨੀਆ ਸਰਕਾਰ ਨਾਲ ਗਲਬਾਤ ਕਰੇ ਤੇ ਦੋਸੀ ਨੂੰ ਸਖਤ ਸਜਾ ਦਵਾਈ ਜਾਵੇ ਤਾ ਕਿ ਦੁਬਾਰਾ ਅਜਿਹੀ ਘਟਨਾ ਨਾ ਵਾਪਰ ਸਕੇ।

ਹਲਕਾ ਜੰਡਿਆਲਾ ਗੁਰੂ ਦੇ ਚਾਰ ਪਿੰਡਾਂ ਵਿੱਚ 97.85 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਣਗੇ ਉੱਚ ਮਿਆਰੀ ਖੇਡ ਮੈਦਾਨ ਸ੍ਰ ਈ.ਟੀ.ਓ

# ਪਿੰਡ ਤਾਰਾਗੜ੍ਹ ਨੂੰ ਮਿਲੇ 42 ਲੱਖ 52 ਹਜ਼ਾਰ



**ਜੰਡਿਆਲਾ ਗੁਰੂ , 17 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਹਲਕਾ ਜੰਡਿਆਲਾ ਗੁਰੂ ਵਿੱਚ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਅਤੇ ਪਿੰਡਾਂ ਵਿੱਚ ਬੁਨਿਆਦੀ ਖੇਡ ਢਾਂਚਾ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਵੱਡਾ ਉਪਰਾਲਾ ਕੀਤਾ ਜਾ ਰਿਹਾ ਹੈ। ਇਸ ਤਹਿਤ ਹਲਕਾ ਵਿਧਾਇਕ ਤੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਮਿਤੀ 17 ਜਨਵਰੀ 2026 ਨੂੰ ਬਲਾਕ ਜੰਡਿਆਲਾ ਗੁਰੂ ਦੇ ਚਾਰ ਪਿੰਡਾਂ ਵਿੱਚ ਕੁੱਲ 97 ਲੱਖ 85 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੇ ਖੇਡ ਮੈਦਾਨਾਂ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ ! ਇਸ ਬਾਰੇ ਜਾਣਕਾਰੀ ਦਿੰਦਿਆਂ ਸ. ਹਰਭਜਨ ਸਿੰਘ ਈ.ਟੀ.ਓ. ਜੀ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਚੌਹਾਨ ਵਿਖੇ 32.06 ਲੱਖ ਰੁਪਏ, ਗ੍ਰਾਮ ਪੰਚਾਇਤ ਜਾਣੀਆਂ ਵਿਖੇ 24.11 ਲੱਖ ਰੁਪਏ, ਗ੍ਰਾਮ ਪੰਚਾਇਤ ਤਾਰਾਗੜ੍ਹ ਵਿਖੇ 23.52 ਲੱਖ ਰੁਪਏ ਅਤੇ ਗ੍ਰਾਮ ਪੰਚਾਇਤ ਬਾਲੀਆਂ ਮੰਝਪੁਰ ਵਿਖੇ 18.16 ਲੱਖ ਰੁਪਏ ਦੀ ਲਾਗਤ ਨਾਲ ਖੇਡ ਮੈਦਾਨ ਤਿਆਰ ਕੀਤੇ ਜਾਣਗੇ।ਇਨ੍ਹਾਂ ਖੇਡ ਮੈਦਾਨਾਂ ਵਿੱਚ ਫੈਂਸਿੰਗ, ਲੇਡੀਜ਼-ਜੈਂਟਸ ਬਾਥਰੂਮ, ਫੁੱਟ ਲਾਈਟਸ, ਹਾਈ ਮਾਸਟ ਲਾਈਟਸ, ਸਪ੍ਰਿੰਕਲਰ ਸਿਸਟਮ, ਵਾਲੀਬਾਲ ਕੋਰਟ ਅਤੇ ਫੁੱਟਬਾਲ ਗਰਾਊਂਡ ਵਰਗੀਆਂ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।ਉਹਨਾਂ ਨੇ ਇਹ ਵੀ ਕਿਹਾ ਕਿ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਅਤੇ ਸਿਹਤਮੰਦ ਜੀਵਨ ਵੱਲ ਮੋੜਨਾ ਹੈ। ਇਨ੍ਹਾਂ ਖੇਡ ਮੈਦਾਨਾਂ ਨਾਲ ਪਿੰਡਾਂ ਦੇ ਗੱਭਰੂਆਂ ਨੂੰ ਆਪਣੀ ਪ੍ਰਤਿਭਾ ਨਿਖਾਰਣ ਦਾ ਮੌਕਾ ਮਿਲੇਗਾ ਅਤੇ ਹਲਕੇ ਵਿੱਚ ਖੇਡ ਸੱਭਿਆਚਾਰ ਨੂੰ ਨਵੀਂ ਦਿਸ਼ਾ ਮਿਲੇਗੀ।

# ਮਾਨਸਿਕ ਅਤੇ ਸਰੀਰਕ ਸਿਹਤ ਦਾ ਆਪਸੀ ਸੰਬੰਧ



ਮਨੁੱਖੀ ਸਰੀਰ ਕੁਦਰਤ ਦੀ ਸ਼ਾਹਕਾਰ ਰਚਨਾ ਹੈ ਅਤੇ ਇਸਦਾ ਕੇਂਦਰ ਦਿਮਾਗ ਹੈ ਜੋ ਸਰੀਰ ਦਾ ਸਭ ਤੋਂ ਅਹਿਮ ਅੰਗ ਹੈ। ਦਿਮਾਗ ਸਰੀਰ ਦੀਆਂ ਸਾਰੀਆਂ ਕਿਰਿਆਵਾਂ ਨੂੰ ਨਿਯੰਤ੍ਰਿਤ ਕਰਦਾ ਹੈ। ਦਿਮਾਗ ਅਤੇ ਸਰੀਰ ਦੇ ਵਿਚਕਾਰ ਸੰਬੰਧ ਸਿਰਫ ਨਿਯੰਤ੍ਰਣ ਅਤੇ ਪ੍ਰਤੀਕਿਰਿਆ ਦਾ ਨਹੀਂ ਹੈ; ਇਹ ਇੱਕ ਗਤੀਸ਼ੀਲ ਪ੍ਰਭਾਵ ਹੈ ਜੋ ਸਰੀਰਕ ਸਿਹਤ, ਭਾਵਨਾਤਮਕ ਸੁਖ-ਦੁੱਖ ਅਤੇ ਕੁੱਲ ਜੀਵਨ ਦੀ ਗੁਣਵੱਤਾ ਨੂੰ ਪ੍ਰਭਾਵਿਤ ਕਰਦਾ ਹੈ।

**ਦਿਮਾਗ ਇੱਕ ਨਿਯੰਤ੍ਰਣ ਕੇਂਦਰ**-ਦਿਮਾਗ ਸਰੀਰ ਦਾ ਕੇਂਦਰੀ ਹੁਕਮਰਾਨ ਕੇਂਦਰ ਹੈ ਜੋ ਸਰੀਰ ਦੀਆਂ ਇੰਦ੍ਰਿਆਂ ਤੋਂ ਜਾਣਕਾਰੀ ਪ੍ਰਾਪਤ ਕਰਕੇ ਪ੍ਰਕਿਰਿਆ ਕਰਦਾ ਹੈ। ਇਹ ਵੱਖ-ਵੱਖ ਖੇਤਰਾਂ ਵਿੱਚ ਵੰਡਿਆ ਗਿਆ ਹੈ ਅਤੇ ਹਰ ਇੱਕ ਹਿੱਸਾ ਵੱਖਰੇ ਵੱਖਰੇ ਕਾਰਜਾਂ ਦੀ ਦੇਖਰੇਖ ਕਰਦਾ ਹੈ। ਦਿਮਾਗ ਇਕੱਲਾ ਕੰਮ ਨਹੀਂ ਕਰਦਾ ਬਲਕਿ ਇਹ ਲਗਾਤਾਰ ਸਰੀਰ ਨਾਲ ਸੰਚਾਰ ਕਰਦਾ ਹੈ। ਇਹ ਸੰਚਾਰ ਹੋਮਿਓਸਟੇਸਿਸ ਬਣਾਈ ਰੱਖਣ ਲਈ ਜਰੂਰੀ ਹੈ—ਇੱਕ ਆਤਮਿਕ ਬੈਲੈਂਸ ਜੋ ਜੀਵਨ ਲਈ ਲੋੜੀਂਦਾ ਹੈ।

**ਨਿਊਰੋਟਰਾਂਸਮੀਟਰਾਂ ਦੀ ਭੂਮਿਕਾ**-ਨਿਊਰੋਟਰਾਂਸਮੀਟਰ ਰਸਾਇਣਕ ਸੁਨੇਹੇ ਹਨ ਜੋ ਅੰਗਾਂ ਅਤੇ ਦਿਮਾਗ ਦੇ ਵਿਚਕਾਰ ਸੰਕੇਤਾਂ ਨੂੰ ਪ੍ਰੇਰਿਤ ਕਰਦੇ ਹਨ ਅਤੇ ਭਾਵਨਾ, ਨੀਂਦ, ਭੁੱਖ ਅਤੇ ਦਰਦ ਦੀ ਧਾਰਣਾ ਨੂੰ ਨਿਯੰਤ੍ਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

**ਉਦਾਹਰਨ ਵਜੋਂ**: ਸੇਰੋਟੋਨਿਨ, ਜਿਸਨੂੰ "ਚੰਗਾ ਮਹਿਸੂਸ ਕਰਨ ਵਾਲਾ" ਨਿਊਰੋਟਰਾਂਸਮੀਟਰ ਕਿਹਾ ਜਾਂਦਾ ਹੈ, ਇਹ ਭਾਵਨਾ ਨਿਯੰਤ੍ਰਿਤ ਕਰਨ ਨਾਲ ਸੰਬੰਧਿਤ ਹੈ।ਸੇਰੋਟੋਨਿਨ ਦੇ ਘੱਟ ਪੱਧਰ ਮਨੋਵਿਗਿਆਨਿਕ ਬਿਮਾਰੀਆਂ ਉਦਾਸੀ ਅਤੇ ਚਿੰਤਾ ਨੂੰ ਸੱਦਾ ਦਿੰਦੇ ਹਨ।

ਡੋਪਾਮਾਈਨ ਇਨਾਮ ਪ੍ਰਕਿਰਿਆ ਅਤੇ ਪ੍ਰੇਰਣਾ ਵਿੱਚ ਸ਼ਾਮਲ ਹੁੰਦਾ ਹੈ। ਇਹ ਸਰੀਰ ਦੇ ਅੰਗਾਂ ਵਿਚਕਾਰ ਆਪਸੀ ਤਾਲਮੇਲ ਬਣਾਉਣ ਦੇ ਨਾਲ-ਨਾਲ ਦਿਮਾਗ ਦੇ ਖੁਸ਼ੀ ਦੇ ਕੇਂਦਰਾਂ ਵਿੱਚ ਵੀ ਮਹੱਤਵਪੂਰਣ ਭੂਮਿਕਾ ਨਿਭਾਉਂਦਾ ਹੈ।

ਐਂਡੋਰਫਿਨ ਉਹ ਕੁਦਰਤੀ ਦਰਦ ਨਿਵਾਰਕ ਹਨ ਜੋ ਦਿਮਾਗ ਦੁਆਰਾ ਉਤਪਾਦਿਤ ਹੁੰਦੇ ਹਨ ਅਤੇ ਖੁਸ਼ੀ ਦੀਆਂ ਭਾਵਨਾਵਾਂ ਨੂੰ ਵਧਾਉਂਦੇ ਹਨ।

ਇਨ੍ਹਾਂ ਨਿਊਰੋਟਰਾਂਸਮੀਟਰਾਂ ਦਾ ਸੰਤੁਲਨ ਮਨੋਵਿਗਿਆਨਿਕ ਅਤੇ ਸਰੀਰਕ ਸਿਹਤ ਦੋਹਾਂ 'ਤੇ ਮਹੱਤਵਪੂਰਣ ਪ੍ਰਭਾਵ ਪਾ ਸਕਦਾ ਹੈ।ਉਦਾਹਰਨ ਵਜੋਂ ਲੰਬੇ ਸਮੇਂ ਤੱਕ ਦੇ ਤਣਾਅ ਨਾਲ ਅਜਿਹੇ ਅਸੰਤੁਲਨ ਹੋ ਸਕਦੇ ਹਨ ਜੋ ਮਨੋਵਿਗਿਆਨਿਕ ਬਿਮਾਰੀਆਂ ਉਦਾਸੀ ਅਤੇ ਡਰ ਦੇ ਨਾਲ ਦਿਲ ਦੀ ਬਿਮਾਰੀਆਂ ਦਾ ਕਾਰਨ ਵੀ ਬਣ ਸਕਦੇ ਹਨ।

**ਸਰੀਰਕ ਸਿਹਤ ਦਾ ਮਾਨਸਿਕ ਸੁਖ-ਦੁੱਖ 'ਤੇ ਪ੍ਰਭਾਵ**-ਸਰੀਰਕ ਸਿਹਤ ਦਾ ਮਾਨਸਿਕ ਸੁਖ-ਦੁੱਖ 'ਤੇ ਡੂੰਘਾ ਪ੍ਰਭਾਵ ਹੁੰਦਾ ਹੈ।ਰੋਜ਼ਾਨਾ ਕਸਰਤ ਨਾਲ ਮਾਨਸਿਕ ਮਨੋਭਾਵ ਸੁਧਰਦੇ ਹਨ ਅਤੇ ਉਦਾਸੀ ਅਤੇ ਡਰ ਦੇ ਲੱਛਣ ਘੱਟ ਹੁੰਦੇ ਹਨ।ਇਸ ਦੇ ਨਾਲ ਸਰੀਰਕ ਗਤੀਵਿਧੀਆਂ ਵਧੀਆ ਨੀਂਦ ਦੀ ਗੁਣਵੱਤਾ ਨੂੰ ਵੀ ਉਤਸ਼ਾਹਿਤ ਕਰਦੀ ਹੈ ਜੋ ਕਿ ਕੋਗਨੀਟਿਵ ਕਾਰਜਾਂ ਅਤੇ ਭਾਵਨਾ ਨਿਯੰਤ੍ਰਣ ਲਈ ਜ਼ਰੂਰੀ ਹੈ।

ਪੋਸ਼ਣ ਵੀ ਇਸ ਸੰਬੰਧ ਵਿੱਚ ਇਕ ਮਹੱਤਵਪੂਰਣ ਭੂਮਿਕਾ ਨਿਭਾਉਂਦੀ ਹੈ।ਓਮੇਗਾ-3 ਫੈਟੀ ਐਸਿਡ, ਐਂਟੀਓਕਸਿਡੈਂਟ, ਵਿਟਾਮਿਨ ਅਤੇ ਖਣਿਜਾਂ ਨਾਲ ਭਰਪੂਰ ਸੰਤੁਲਿਤ ਆਹਾਰ ਦਿਮਾਗ ਦੀ ਸਿਹਤ ਨੂੰ ਸਮਰੱਥਨ ਕਰਦਾ ਹੈ।

**ਮਾਨਸਿਕ ਅਵਸਥਾ ਦਾ ਸਰੀਰਕ ਸਿਹਤ 'ਤੇ ਪ੍ਰਭਾਵ**-ਉਲਟ ਮਾਨਸਿਕ ਅਵਸਥਾ ਸਰੀਰਕ ਸਿਹਤ 'ਤੇ ਮਹੱਤਵਪੂਰਣ ਪ੍ਰਭਾਵ ਪਾ ਸਕਦੀ ਹੈ। ਲੰਬੇ ਸਮੇਂ ਤੱਕ ਦੇ ਤਣਾਅ, ਉਦਾਸੀ ਅਤੇ ਡਰ ਸਮੇਤ ਕਈ ਸਰੀਰਕ ਸਿਹਤ ਸਮੱਸਿਆਵਾਂ ਦਾ ਕਾਰਨ ਬਣ ਸਕਦੇ ਹਨ, ਜਿਵੇਂ ਕਿ: ਦਿਲ ਦੀਆਂ ਸਮੱਸਿਆਵਾਂ: ਲੰਮੇ ਸਮੇਂ ਦਾ ਤਣਾਅ ਕੋਰਟੀਜ਼ੋਲ ਅਤੇ ਐਡ੍ਰੀਨਲਾਈਨ ਹਾਰਮੋਨ ਦੇ ਛੱਡਣ ਨੂੰ ਪ੍ਰੇਰਿਤ ਕਰਦਾ ਹੈ ਜੋ ਕਿ ਸਮੇਂ ਦੇ ਨਾਲ ਦਿਲ ਦੀ ਧੜਕਣ ਅਤੇ ਬਲੱਡ ਪ੍ਰੈਸ਼ਰ ਦੇ ਪੱਧਰ ਨੂੰ ਉੱਚਾ ਕਰ ਸਕਦੇ ਹਨ, ਜਿਸ ਨਾਲ ਦਿਲ ਦੀ ਬਿਮਾਰੀ ਦਾ ਖ਼ਤਰਾ ਵਧ ਜਾਂਦਾ ਹੈ।

**ਇਮਯੂਨ ਸਿਸਟਮ** : ਲੰਬੇ ਸਮੇਂ ਤੱਕ ਦੇ ਤਣਾਅ ਨਾਲ ਇਮਯੂਨ ਸਿਸਟਮ ਕਮਜ਼ੋਰ ਹੋ ਜਾਂਦਾ ਹੈ ਜਿਸ ਨਾਲ ਵਿਅਕਤੀ ਬਿਮਾਰੀਆਂ ਅਤੇ ਇੰਫੈਕਸ਼ਨਾ ਪ੍ਰਤੀ ਵੱਧ ਸੰਵੇਦਨਸ਼ੀਲ ਹੋ ਜਾਂਦੇ ਹਨ।

**ਪਚਾਉਣ ਦੀਆਂ ਸਮੱਸਿਆਵਾਂ**: ਲੰਮੇ ਸਮੇਂ ਦਾ ਤਣਾਅ ਮਨੋਵਿਗਿਆਨਿਕ ਬਿਮਾਰੀਆਂ ਉਦਾਸੀ ਅਤੇ ਡਰ ਨੂੰ ਜਨਮ ਦਿੰਦਾ ਹੈ ਜਿਸ ਨਾਲ ਪਚਾਉਣ ਦੀਆਂ ਸਮੱਸਿਆਵਾਂ ਜਿਵੇਂ ਕਿ ਇਰੇਟੇਬਲ ਬਾਅਲ ਸਿੰਡ੍ਰੋਮ ਨੂੰ ਜਨਮ ਦੇ ਸਕਦੇ ਹਨ ਜੋ ਮੌਜੂਦਾ ਹਾਲਤਾਂ ਨੂੰ ਹੋਰ ਮਾੜਾ ਕਰ ਸਕਦੇ ਹਨ।

**-ਸੁਰਿੰਦਰ ਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

# ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਹਾਜ਼ਰੀਆਂ ਪ੍ਰਵਾਨ ਕਰਨ ਜੀ



ਸਮਾਜ ਸੇਵੀ ਮਾਸਟਰ ਗੁਰਪ੍ਰੀਤ ਸਿੰਘ ਜਲਾਲ ਉਸਮਾ, ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪਵਿੱਤਰ ਪਾਵਨ ਜ਼ਨਮ ਅਸਥਾਨ ਤਖ਼ਤ ਪਟਨਾ ਸਾਹਿਬ ਜੀ ਦੇ ਦਰਸਨ ਦੀਦਾਰ ਕਰਦੇ ਹੋਏ, ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਹਾਜ਼ਰੀਆਂ ਪ੍ਰਵਾਨ ਕਰਨ ਜੀ। **( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)**

---

# ਆਨੰਦ ਮੈਰਿਜ ਐਕਟ ਲਾਗੂ ਕਰਨ ਲਈ ਤਖ਼ਤ ਪਟਨਾ ਸਾਹਿਬ ਕਮੇਟੀ ਵੱਲੋਂ ਮੁੱਖ ਮੰਤਰੀ ਨਿਤੀਸ਼ ਕੁਮਾਰ ਦਾ ਧੰਨਵਾਦ

ਨਵੀਂ ਦਿੱਲੀ, 17 ਜਨਵਰੀ (ਮਨਪ੍ਰੀਤ ਸਿੰਘ ਖਾਲਸਾ): ਬਿਹਾਰ ਦੀ ਨਿਤੀਸ਼ ਸਰਕਾਰ ਨੇ ਸਿੱਖ ਭਾਈਚਾਰੇ ਦੀ ਇੱਕ ਹੋਰ ਮੰਗ ਨੂੰ ਪੂਰਾ ਕਰਦੇ ਹੋਏ ਰਾਜ ਵਿੱਚ ਆਨੰਦ ਮੈਰਿਜ ਐਕਟ ਲਾਗੂ ਕਰਨ ਦੀ ਮਨਜ਼ੂਰੀ ਦੇ ਦਿੱਤੀ ਹੈ।



ਇਸ ਤੋਂ ਬਾਅਦ ਹੁਣ ਬਿਹਾਰ ਦੇ ਸਿੱਖਾਂ ਦੇ ਵਿਆਹ ਵੀ ਆਨੰਦ ਮੈਰਿਜ ਐਕਟ ਅਧੀਨ ਰਜਿਸਟਰ ਹੋ ਸਕਣਗੇ। ਰਾਜ ਵਿੱਚ ਇਸ ਐਕਟ ਨੂੰ ਲਾਗੂ ਕਰਵਾਉਣ ਲਈ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਬਿਹਾਰ ਘੱਟ ਸੰਖਿਆਕ ਆਯੋਗ ਦੇ ਮੈਂਬਰ ਲਖਵਿੰਦਰ ਸਿੰਘ ਸਮੇਤ ਹੋਰ ਸਿੱਖ ਜਥੇਬੰਦੀਆਂ ਵੱਲੋਂ ਸਰਕਾਰ ਕੋਲ ਲਗਾਤਾਰ ਮੰਗ ਕੀਤੀ ਜਾ ਰਹੀ ਸੀ ਕਿ ਹੋਰ ਰਾਜਾਂ ਦੀ ਤਰ੍ਹਾਂ ਬਿਹਾਰ ਵਿੱਚ ਵੀ ਇਹ ਐਕਟ ਲਾਗੂ ਕੀਤਾ ਜਾਵੇ ਤਾਂ ਜੋ ਸਿੱਖਾਂ ਦੇ ਵਿਆਹ ਆਨੰਦ ਮੈਰਿਜ ਐਕਟ ਅਧੀਨ ਰਜਿਸਟਰ ਹੋ ਸਕਣ। ਅੱਜ ਜਦੋਂ ਸਰਕਾਰ ਵੱਲੋਂ ਇਸ ਨੂੰ ਲਾਗੂ ਕਰ ਦਿੱਤਾ ਗਿਆ ਹੈ ਤਾਂ ਇਸ ਮੌਕੇ 'ਤੇ ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਜਨਰਲ ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਉਪ-ਪ੍ਰਧਾਨ ਲਖਵਿੰਦਰ ਸਿੰਘ, ਉਪ-ਪ੍ਰਧਾਨ ਗੁਰਵਿੰਦਰ ਸਿੰਘ, ਸਕੱਤਰ ਹਰਬੰਸ ਸਿੰਘ ਸਮੇਤ ਸਾਰੇ ਕਮੇਟੀ ਮੈਂਬਰਾਂ ਨੇ ਇਸ ਕੰਮ ਲਈ ਬਿਹਾਰ ਸਰਕਾਰ ਅਤੇ ਖ਼ਾਸ ਕਰਕੇ ਮੁੱਖ ਮੰਤਰੀ ਨਿਤੀਸ਼ ਕੁਮਾਰ ਦਾ ਧੰਨਵਾਦ ਪ੍ਰਗਟ ਕੀਤਾ। ਸ. ਜਗਜੋਤ ਸਿੰਘ ਸੋਹੀ ਨੇ ਕਿਹਾ ਕਿ ਇਹ ਖੁਸ਼ੀ ਦੀ ਗੱਲ ਹੈ ਕਿਉਂਕਿ ਹੁਣ ਤੱਕ ਸਿੱਖਾਂ ਦੇ ਵਿਆਹਾਂ ਦੀ ਰਜਿਸਟ੍ਰੇਸ਼ਨ ਹਿੰਦੂ ਮੈਰਿਜ ਐਕਟ ਅਧੀਨ ਹੀ ਹੁੰਦੀ ਸੀ। ਉਨ੍ਹਾਂ ਕਿਹਾ ਕਿ ਸਾਨੂੰ ਇਸ ਗੱਲ ਦੀ ਖੁਸ਼ੀ ਵੀ ਹੈ ਅਤੇ ਮਾਣ ਵੀ ਹੈ ਕਿ ਮਾਣਯੋਗ ਮੁੱਖ ਮੰਤਰੀ ਨਿਤੀਸ਼ ਕੁਮਾਰ ਵੱਲੋਂ ਸਿੱਖ ਭਾਈਚਾਰੇ ਦੀਆਂ ਮੰਗਾਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਹਾਲ ਹੀ ਵਿੱਚ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪ੍ਰਕਾਸ਼ ਪੂਰਬ ਨੂੰ ਮਨਾਉਣ ਲਈ ਜਿਸ ਤਰ੍ਹਾਂ ਸਹਿਯੋਗ ਦਿੱਤਾ ਗਿਆ, ਗੁਰੂ ਤੇਗ ਬਹਾਦੁਰ ਜੀ ਦੀ ਸ਼ਹਾਦਤ ਦੇ 350ਵੇਂ ਸ਼ਹੀਦੀ ਪੁਰਬ ਮੌਕੇ ਜਾਗਰੂਕਤਾ ਯਾਤਰਾ ਕੱਢਣ ਲਈ ਕਮੇਟੀ ਨੂੰ ਸਹਿਯੋਗ ਦਿੱਤਾ ਗਿਆ, ਪ੍ਰਕਾਸ਼ ਪੁਰਬ ਦੌਰਾਨ ਮੁਫ਼ਤ ਬੱਸ ਸੇਵਾ ਦਿੱਤੀ ਗਈ, ਰਹਾਇਸ਼ ਲਈ ਸਰਕਾਰੀ ਆਵਾਸ ਦਿੱਤੇ ਗਏ ਤਾਂ ਜੋ ਸੰਗਤ ਨੂੰ ਕਿਸੇ ਕਿਸਮ ਦੀ ਅਸੁਵਿਧਾ ਨਾ ਹੋਵੇ—ਇਸ ਲਈ ਸਿੱਖ ਭਾਈਚਾਰਾ ਉਨ੍ਹਾਂ ਦਾ ਦਿਲੋਂ ਧੰਨਵਾਦ ਕਰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
+447458381111 +447976210161 +919729091243